ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

To view our online newspaper visit punjabipost.ca/epaper | Vol 23* Issue 21 | Tuesday, January 30, 2024 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ



SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6



JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON


# ਯੂਕਰੇਨ ਨਾਲ ਫਰੀ ਟਰੇਡ ਬਿੱਲ ਨੂੰ ਜਲਦ ਪਾਸ ਕਰਵਾਉਣ ਦੇ ਰੌਂਅ ਵਿੱਚ ਹਨ ਲਿਬਰਲ

## ਕੰਜ਼ਰਵੇਟਿਵਾਂ ਦਾ ਸਮਰਥਨ ਹਾਸਿਲ ਕਰਨ ਵਾਸਤੇ ਵੀ ਲਿਬਰਲਾਂ ਵੱਲੋਂ ਉਨ੍ਹਾਂ 'ਤੇ ਪਾਇਆ ਜਾ ਰਿਹਾ ਦਬਾਅ



ਓਟਵਾ, 29 ਜਨਵਰੀ (ਪੋਸਟ ਬਿਊਰੋ) : ਕ੍ਰਿਸਮਸ ਦੀਆਂ ਛੁੱਟੀਆਂ ਤੋਂ ਬਾਅਦ ਅੱਜ ਪਾਰਲੀਆਮੈਂਟ ਪਰਤੇ ਐਮਪੀਜ਼ ਤੋਂ ਲਿਬਰਲ ਉਮੀਦ ਕਰ ਰਹੇ ਹਨ ਕਿ ਉਹ ਯੂਕਰੇਨ ਫਰੀ ਟਰੇਡ ਬਿੱਲ ਨੂੰ ਬਹਿਸ ਲਈ ਜਲਦੀ ਲਿਆ ਕੇ ਪਾਸ ਕਰਵਾ ਲੈਣ। ਇਸ ਲਈ ਕੰਜ਼ਰਵੇਟਿਵਾਂ ਦਾ ਸਮਰਥਨ ਹਾਸਲ ਕਰਨ ਵਾਸਤੇ ਵੀ ਲਿਬਰਲਾਂ ਵੱਲੋਂ ਉਨ੍ਹਾਂ ਉੱਤੇ ਦਬਾਅ ਪਾਇਆ ਜਾ ਰਿਹਾ ਹੈ।

ਪਿਛਲੇ ਸਾਲ ਦੇ ਅੰਤ ਵਿੱਚ ਕੈਨੇਡਾ ਤੇ ਯੂਕਰੇਨ ਦਰਮਿਆਨ ਫਰੀ ਟਰੇਡ ਸਮਝੌਤੇ ਨੂੰ ਲਾਗੂ ਕਰਨ ਦਾ ਮੁੱਦਾ ਉਸ ਸਮੇਂ ਸਿਆਸੀ ਮੋੜ ਲੈ ਗਿਆ ਸੀ ਜਦੋਂ ਕੰਜ਼ਰਵੇਟਿਵਾਂ ਨੇ ਕਾਰਬਨ ਦੀਆਂ ਕੀਮਤਾਂ ਦੇ ਖਿਲਾਫ ਮੁਹਿੰਮ ਵਿੱਢ ਦਿੱਤੀ ਸੀ। 2011 ਤੱਕ ਯੂਕਰੇਨ ਉੱਤੇ ਕਾਰਬਨ ਪ੍ਰਾਈਸ ਲਾਈ ਗਈ ਸੀ ਤੇ 2019 ਤੱਕ ਕੈਨੇਡਾ ਪ੍ਰਾਈਸ ਦੇ ਰਿਹਾ ਸੀ ਪਰ ਅਪਡੇਟ ਫਰੀ ਟਰੇਡ ਅਗਰੀਮੈਂਟ ਵਿੱਚ ਦੋਵਾਂ ਦੇਸ਼ਾਂ ਨੂੰ ਕਾਰਬਨ ਪ੍ਰਾਈਸਿੰਗ ਨੂੰ ਹੱਲਾਸ਼ੇਰੀ ਦੇਣ ਲਈ ਆਖਿਆ ਗਿਆ।

ਕੰਜ਼ਰਵੇਟਿਵਾਂ ਦਾ ਕਹਿਣਾ ਹੈ ਕਿ ਉਨ੍ਹਾਂ ਵੱਲੋਂ ਇਸ ਬਿੱਲ ਦੇ ਖਿਲਾਫ ਸਿਰਫ ਇਸ ਲਈ ਵੋਟ ਕੀਤਾ ਗਿਆ ਕਿਉਂਕਿ ਉਹ ਕਾਰਬਨ ਪ੍ਰਾਈਸਿੰਗ ਦਾ ਸਮਰਥਨ ਨਹੀਂ ਕਰਦੇ ਤੇ ਨਾ ਹੀ ਭਵਿੱਖ ਵਿੱਚ ਉਨ੍ਹਾਂ ਵੱਲੋਂ ਅਜਿਹਾ ਕੀਤਾ ਜਾਵੇਗਾ। ਇਸ ਦੌਰਾਨ ਕੰਜ਼ਰਵੇਟਿਵਾਂ ਵੱਲੋਂ ਪਾਰਲੀਆਮੈਂਟ ਵਿੱਚ ਕਿਸਾਨਾਂ ਲਈ ਕਾਰਬਨ ਪ੍ਰਾਈਸਿੰਗ ਵਿੱਚ ਛੋਟ ਸਬੰਧੀ ਬਿੱਲ ਲਿਆਂਦੇ ਜਾਣ ਦੀ ਸੰਭਾਵਨਾ ਹੈ। ਇਹ ਕਲਾਈਮੇਟ ਸਬੰਧੀ ਲਿਬਰਲਾਂ ਦੀਆਂ ਨੀਤੀਆਂ ਤੋਂ ਉਲਟ ਹੈ। ਕੰਜ਼ਰਵੇਟਿਵਾਂ ਵੱਲੋਂ ਕਾਰਬਨ ਪ੍ਰਾਈਸਿੰਗ ਸਬੰਧੀ ਬਿੱਲ, ਜਿਸ ਵਿੱਚ ਵਾਧੂ ਫਾਰਮ ਫਿਊਲਜ਼ ਤੋਂ ਕਾਰਬਨ ਪ੍ਰਾਈਸਿੰਗ ਹਟਾਉਣ ਦੀ ਗੱਲ ਕੀਤੀ ਗਈ ਹੈ ਸੈਨੇਟ ਵਿੱਚ ਸੋਧਿਆ ਜਾ ਚੁੱਕਿਆ ਹੈ ਤੇ ਅੱਜ ਇਸ ਉੱਤੇ ਬਹਿਸ ਵੀ ਹੋ ਸਕਦੀ ਹੈ।

ਇਸ ਦੌਰਾਨ ਲਿਬਰਲ ਹਾਊਸ ਲੀਡਰ ਸਟੀਵਨ ਮੈਕਿਨਨ ਨੇ ਆਖਿਆ ਕਿ ਉਨ੍ਹਾਂ ਵੱਲੋਂ ਪੇਸ਼ ਬਿੱਲ ਬਹਿਸ ਲਈ ਜਲਦ ਲਿਆਂਦਾ ਜਾਵੇਗਾ। ਇਸ ਦੇ ਨਾਲ ਹੀ ਫਾਲ ਇਕਨੌਮਿਕ ਸਟੇਟਮੈਂਟ ਲਾਗੂ ਕਰਨ ਲਈ ਬਿੱਲ ਦੇ ਨਾਲ ਨਾਲ ਫੈਡਰਲ ਪੱਧਰ ਉੱਤੇ ਨਿਯੰਤਰਿਤ ਰੀਪਲੇਸਮੈਂਟ ਵਰਕਰਜ਼ ਦੀ ਵਰਤੋਂ ਉੱਤੇ ਪਾਬੰਦੀ ਲਾਉਣ ਸਬੰਧੀ ਬਿੱਲ ਵੀ ਲਿਆਂਦਾ ਜਾਵੇਗਾ।




# ਏਟੀਐਮ ਲੁੱਟਣ ਦੀ ਕੋਸ਼ਿਸ਼ ਕਰਨ ਵਾਲੇ ਮਸ਼ਕੂਕਾਂ ਦੀ ਭਾਲ ਕਰ ਰਹੀ ਹੈ ਪੁਲਿਸ




ਟੋਰਾਂਟੋ, 29 ਜਨਵਰੀ (ਪੋਸਟ ਬਿਊਰੋ) : ਟੋਰਾਂਟੋ ਪੁਲਿਸ ਅਜਿਹੇ ਮਸ਼ਕੂਕਾਂ ਨੂੰ ਲੱਭਣ ਦੀ ਕੋਸ਼ਿਸ਼ ਕਰ ਰਹੀ ਹੈ ਜਿਨ੍ਹਾਂ ਨੇ ਬੈਂਕ ਮਸ਼ੀਨ ਅੰਦਰਲਾ ਕੈਸ਼ ਲੁੱਟਣ ਲਈ ਉਸ ਨੂੰ ਉਡਾਉਣ ਦੀ ਕੋਸ਼ਿਸ਼ ਕੀਤੀ।

ਐਤਵਾਰ ਸਵੇਰੇ ਸੇਂਟ ਕਲੇਅਰ ਐਵਨਿਊ ਈਸਟ ਤੇ ਓਕੌਨਰ ਐਵਨਿਊ ਉੱਤੇ ਜ਼ੋਰਦਾਰ ਧਮਾਕਾ ਸੁਣੇ ਜਾਣ ਦੀਆਂ ਖਬਰਾਂ ਮਿਲਣ ਤੋਂ ਬਾਅਦ ਪੁਲਿਸ ਅਧਿਕਾਰੀ ਮੌਕੇ ਉੱਤੇ ਪਹੁੰਚੇ। ਮੌਕੇ ਉੱਤੇ ਉਨ੍ਹਾਂ ਨੂੰ ਨੁਕਸਾਨਿਆ ਗਿਆ ਡਰਾਈਵ ਥਰੂ ਏਟੀਐਮ ਮਿਲਿਆ। ਪੁਲਿਸ ਨੇ ਦੱਸਿਆ ਕਿ ਇਹ ਡਾਕਾ ਮਾਰਨ ਦੀ ਕੋਸ਼ਿਸ਼ ਲੱਗ ਰਹੀ ਹੈ ਜਿੱਥੇ ਮਸ਼ਕੂਕਾਂ ਨੇ ਮਸ਼ੀਨ ਵਿੱਚੋਂ ਕੈਸ਼ ਲੁੱਟਣ ਲਈ ਧਮਾਕਾਖੇਜ਼ ਸਮੱਗਰੀ ਦੀ ਵਰਤੋਂ ਕੀਤੀ।

ਇਹ ਸਪਸ਼ਟ ਨਹੀਂ ਹੋ ਸਕਿਆ ਕਿ ਮਸ਼ਕੂਕ ਨਕਦੀ ਲੁੱਟਣ ਵਿੱਚ ਕਾਮਯਾਬ ਹੋਏ ਜਾਂ ਨਹੀਂ। ਏਟੀਐਮ ਦੇ ਆਲੇ ਦੁਆਲੇ ਮਲਬਾ ਖਿੱਲਰਿਆ ਹੋਇਆ ਸੀ ਤੇ ਕਾਫੀ ਇਲਾਕਾ ਨੁਕਸਾਨਿਆ ਗਿਆ ਸੀ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

# ਜਿਊਲਰੀ ਸਟੋਰ ਲੁੱਟਣ ਵਾਲੇ ਇੱਕ ਮਸ਼ਕੂਕ ਨੂੰ ਕੀਤਾ ਗਿਆ ਚਾਰਜ



ਬਰੈਂਪਟਨ, 29 ਜਨਵਰੀ (ਪੋਸਟ ਬਿਊਰੋ) : ਮਿਸੀਸਾਗਾ ਤੇ ਬਰੈਂਪਟਨ ਦੇ ਦੋ ਮਾਲਜ਼ ਵਿੱਚ ਪਏ ਡਾਕਿਆਂ ਦੇ ਸਬੰਧ ਵਿੱਚ ਇੱਕ ਵਿਅਕਤੀ ਨੂੰ ਗ੍ਰਿਫਤਾਰ ਕਰਨ ਮਗਰੋਂ ਚਾਰਜ ਕੀਤਾ ਗਿਆ ਹੈ ਤੇ ਹੋਰ ਮਸ਼ਕੂਕਾਂ ਦੀ ਭਾਲ ਕੀਤੀ ਜਾ ਰਹੀ ਹੈ। ਇਹ ਜਾਣਕਾਰੀ ਪੀਲ ਰੀਜਨਲ ਪੁਲਿਸ ਨੇ ਦਿੱਤੀ।

8 ਦਸੰਬਰ, 2023 ਨੂੰ ਰਾਤੀਂ 8:00 ਵਜੇ ਡਾਕਾ ਮਾਰੇ ਜਾਣ ਦੀ ਖਬਰ ਦੇ ਕੇ ਪੁਲਿਸ ਅਧਿਕਾਰੀਆਂ ਨੂੰ ਬਰੈਂਪਟਨ ਵਿੱਚ ਬ੍ਰੈਮਲੀ ਸਿਟੀ ਸੈਂਟਰ ਸੱਦਿਆ ਗਿਆ। ਪੁਲਿਸ ਨੂੰ ਇਹ ਦੱਸਿਆ ਗਿਆ ਸੀ ਕਿ ਮਾਲ ਦੇ ਇੱਕ ਜਿਊਲਰੀ ਸਟੋਰ ਵਿੱਚ ਤਿੰਨ ਵਿਅਕਤੀਆਂ ਵੱਲੋਂ ਲੁੱਟਮਾਰ ਕੀਤੀ ਜਾ ਰਹੀ ਹੈ। ਪੁਲਿਸ ਵੱਲੋਂ ਜਾਰੀ ਕੀਤੀ ਗਈ ਵੀਡੀਓ ਵਿੱਚ ਕਈ ਮਸ਼ਕੂਕ ਹਥੌੜੇ ਲੈ ਕੇ ਡਿਸਪਲੇਅ ਕੇਸਾਂ ਨੂੰ ਤੋੜ ਕੇ ਗਹਿਣੇ ਲੁੱਟਦੇ ਨਜ਼ਰ ਆਏ ਤੇ ਕਈ ਲੋਕ ਡਰ ਦੇ ਮਾਰੇ ਸਟੋਰ ਵਿੱਚੋਂ ਬਾਹਰ ਭੱਜ ਰਹੇ ਸਨ।

ਇੱਕ ਮਿੰਟ ਦੇ ਅੰਦਰ ਅੰਦਰ ਹੀ ਕਈ ਗਹਿਣੇ ਚੋਰੀ ਕਰਨ ਤੋਂ ਬਾਅਦ ਮਸ਼ਕੂਕਾਂ ਨੂੰ ਸਟੋਰ ਤੋਂ ਬਾਹਰ ਆਉਂਦਿਆਂ ਵੇਖਿਆ ਗਿਆ। ਕਿਸੇ ਨੂੰ ਸ਼ਰੀਰਕ ਨੁਕਸਾਨ ਨਹੀਂ ਪਹੁੰਚਿਆ। ਇਸੇ ਤਰ੍ਹਾਂ 17 ਜਨਵਰੀ, 2024 ਨੂੰ ਦੁਪਹਿਰੇ 4:00 ਵਜੇ ਮਿਸੀਸਾਗਾ ਵਿੱਚ ਸਕੁਏਅਰ ਵੰਨ ਉੱਤੇ ਪੀਲ ਰੀਜਨਲ ਪੁਲਿਸ ਨੂੰ ਡਾਕੇ ਦੀ ਖਬਰ ਦੇ ਕੇ ਸੱਦਿਆ ਗਿਆ। ਇਹ ਵੀ ਦੱਸਿਆ ਗਿਆ ਕਿ ਚਾਰ ਮਸ਼ਕੂਕਾਂ ਵੱਲੋਂ ਹਥੌੜਿਆਂ ਨਾਲ ਤੋੜ ਭੰਨ੍ਹ ਕਰਕੇ ਜਿਊਲਰੀ ਸਟੋਰ ਲੁੱਟਿਆ ਜਾ ਰਿਹਾ ਹੈ ਤੇ ਉਨ੍ਹਾਂ ਦੇ ਮੂੰਹ ਵੀ ਢਕੇ ਹੋਏ ਹਨ। ਉੱਥੇ ਵੀ ਕਿਸੇ ਨੂੰ ਸ਼ਰੀਰਕ ਨੁਕਸਾਨ ਨਹੀਂ ਪਹੁੰਚਾਇਆ ਗਿਆ।

25 ਜਨਵਰੀ, 2024 ਨੂੰ ਅਧਿਕਾਰੀਆਂ ਨੇ ਟੋਰਾਂਟੋ ਦੇ 21 ਸਾਲਾ ਜੋਸ਼ੀਆਹ ਮਾਦੁਰੀ ਨੂੰ ਗ੍ਰਿਫਤਾਰ ਕੀਤਾ। ਪੁਲਿਸ ਹੋਰਨਾਂ ਮਸ਼ਕੂਕਾਂ ਦਾ ਪਤਾ ਲਾਉਣ ਦੀ ਕੋਸ਼ਿਸ਼ ਕਰ ਰਹੀ ਹੈ।

# ਬਿਕਰਮ ਮਜੀਠੀਆ ਦੇ ਚਾਰ ਕਰੀਬੀਆਂ ਨੂੰ ਨਸ਼ਾ ਤਸਕਰੀ ਮਾਮਲੇ ਵਿਚ ਕੀਤਾ ਤਲਬ



ਚੰਡੀਗੜ੍ਹ, 29 ਜਨਵਰੀ (ਪੋਸਟ ਬਿਊਰੋ): ਨਸ਼ਾ ਤਸਕਰੀ ਦੇ ਮਾਮਲੇ ਵਿੱਚ ਪੰਜਾਬ ਪੁਲਿਸ ਵੱਲੋਂ ਬਣਾਈ ਵਿਸ਼ੇਸ਼ ਜਾਂਚ ਟੀਮ (ਐਸਆਈਟੀ) ਨੇ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਬਿਕਰਮ ਸਿੰਘ ਮਜੀਠੀਆ ਦੇ ਕਰੀਬੀ ਚਾਰ ਵਿਅਕਤੀਆਂ ਨੂੰ ਪੁੱਛਗਿੱਛ ਲਈ ਤਲਬ ਕੀਤਾ ਹੈ। ਇਨ੍ਹਾਂ ਵਿੱਚ ਉਨ੍ਹਾਂ ਜਣਿਆਂ ਦੇ ਨਾਂ ਵੀ ਸ਼ਾਮਲ ਹਨ ਜੋ ਮਜੀਠੀਆ ਦੇ ਸਾਬਕਾ ਪੀਏ ਅਤੇ ਓਐਸਡੀ ਸਨ। ਇਨ੍ਹਾਂ ਵਿਅਕਤੀਆਂ ਵਿੱਚ ਮੇਜਰ ਸੁਵਿਚਰਨ ਸਿੰਘ ਸੁਵਿ, ਕਰਤਾਰ ਸਿੰਘ, ਤਲਬੀਰ ਸਿੰਘ ਗਿੱਲ ਅਤੇ ਬੁੱਧ ਰਾਮ ਦੇ ਨਾਂ ਸ਼ਾਮਲ ਹਨ। ਇਨ੍ਹਾਂ ਨੂੰ 2 ਫਰਵਰੀ ਨੂੰ ਬਿਆਨ ਦੇਣ ਲਈ ਬੁਲਾਇਆ ਗਿਆ ਹੈ। ਇਸ ਤੋਂ ਪਹਿਲਾਂ ਐਸਆਈਟੀ ਨੇ ਮਜੀਠੀਆ ਤੋਂ ਪੁੱਛਗਿੱਛ ਕੀਤੀ ਸੀ। ਮਜੀਠੀਆ ਤੋਂ ਮਾਮਲੇ ਨਾਲ ਸਬੰਧਤ ਰਿਕਾਰਡ ਵੀ ਤਲਬ ਕੀਤਾ ਗਿਆ। ਬਿਕਰਮ ਮਜੀਠੀਆ ਮਾਮਲੇ 'ਚ ਪੁਲਿਸ ਵੱਲੋਂ ਨਵੀਂ ਐਸਆਈਟੀ ਦਾ ਗਠਨ ਕੀਤਾ ਗਿਆ ਹੈ। ਹੁਣ ਐਸਆਈਟੀ ਦੀ ਜ਼ੰਮਿਵਾਰੀ ਪਟਿਆਲਾ ਰੇਂਜ ਦੇ ਡੀਆਈਜੀ ਐਚਐਸ ਭੁੱਲਰ ਨੂੰ ਦਿੱਤੀ ਗਈ ਹੈ। ਏਡੀਜੀਪੀ ਮੁਖਵਿੰਦਰ ਸਿੰਘ ਛੀਨਾ ਦੇ ਸੇਵਾਮੁਕਤ ਹੋਣ ਤੋਂ ਬਾਅਦ ਸਰਕਾਰ ਨੇ ਐਸਆਈਟੀ ਦਾ ਪੁਨਰਗਠਨ ਕੀਤਾ ਸੀ।

# ਸਕੂਲ ਵਿੱਚ ਹੋਈ ਲੜਾਈ ਦੇ ਸਬੰਧ ਵਿੱਚ 5 ਟੀਨੇਜਰਜ਼ ਨੂੰ ਕੀਤਾ ਗਿਆ ਚਾਰਜ



ਟੋਰਾਂਟੋ, 29 ਜਨਵਰੀ (ਪੋਸਟ ਬਿਊਰੋ) : ਯੌਰਕ ਰੀਜਨਲ ਹਾਈ ਸਕੂਲ ਦੇ ਵਿਦਿਆਰਥੀਆਂ ਦਰਮਿਆਨ ਹਾਲਵੇਅ ਵਿੱਚ ਹੋਈ ਲੜਾਈ ਤੋਂ ਬਾਅਦ ਪੰਜ ਟੀਨੇਜਰਜ਼ ਨੂੰ ਹਮਲਾ ਕਰਨ ਦੇ ਦੋਸ਼ ਵਿੱਚ ਚਾਰਜ ਕੀਤਾ ਗਿਆ।

ਇਸ ਲੜਾਈ ਤੋਂ ਬਾਅਦ ਕੁੱਝ ਵਿਦਿਆਰਥੀਆਂ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਕਈ ਹਫਤੇ ਪਹਿਲਾਂ ਤੇ ਲੜਾਈ ਤੋਂ ਕੁੱਝ ਘੰਟੇ ਪਹਿਲਾਂ ਐਡਮਨਿਸਟ੍ਰੇਸ਼ਨ ਨੂੰ ਇਹ ਦੱਸਿਆ ਸੀ ਕਿ ਉਨ੍ਹਾਂ ਨੂੰ ਖ਼ਤਰਾ ਹੈ ਪਰ ਸਕੂਲ ਨੇ ਇਸ ਪਾਸੇ ਕੋਈ ਧਿਆਨ ਨਹੀਂ ਦਿੱਤਾ। ਦੋ ਵਿਦਿਆਰਥਣਾਂ ਨੇ ਆਪਣਾ ਨਾਂ ਗੁਪਤ ਰੱਖਣ ਦੀ ਸ਼ਰਤ ਉੱਤੇ ਦੱਸਿਆ ਕਿ ਟੀਨੇਜਰਜ਼ ਦੇ ਗਰੁੱਪ ਵੱਲੋਂ ਮਿਲ ਰਹੀਆਂ ਧਮਕੀਆਂ ਤੋਂ ਬਾਅਦ ਉਹ ਸਕੂਲ ਜਾਣ ਤੋਂ ਵੀ ਡਰ ਰਹੀਆਂ ਸਨ।

ਸੈੱਲਫੋਨ ਦੀ ਫੁਟੇਜ ਵਿੱਚ ਪਿਛਲੇ ਸੋਮਵਾਰ ਟੌਮੀ ਡਗਲਸ ਸੈਕੰਡਰੀ ਸਕੂਲ ਵਿੱਚ ਹੋਈ ਇਸ ਲੜਾਈ ਦਾ ਕੁੱਝ ਹਿੱਸਾ ਨਜ਼ਰ ਆਉਂਦਾ ਹੈ। ਤਿੰਨ ਟੀਨੇਜਰਜ਼ ਨੇ ਦੱਸਿਆ ਕਿ ਉਹ ਆਪਣੇ ਦੋਸਤਾਂ ਨਾਲ ਹਾਲਵੇਅ ਵੱਲੋਂ ਜਾ ਰਹੇ ਸਨ ਕਿ ਵਿਦਿਆਰਥੀਆਂ ਦੇ ਇੱਕ ਗਰੁੱਪ ਨੇ ਉਨ੍ਹਾਂ ਦਾ ਰਾਹ ਰੋਕ ਕੇ ਆਖਿਆ ਕਿ ਉਹ ਉਨ੍ਹਾਂ ਨਾਲ ਲੜਨਾ ਚਾਹੁੰਦੇ ਹਨ। ਕੁੱਝ ਸਮੇਂ ਬਾਅਦ ਹੀ ਉਨ੍ਹਾਂ ਉੱਤੇ ਘਸੁੰਨ ਮੁੱਕੇ ਵੱਜਣੇ ਸ਼ੁਰੂ ਹੋ ਗਏ। ਪਿੰਕ ਪੈਂਟ ਵਾਲੀ ਲੜਕੀ ਨੂੰ ਜ਼ਮੀਨ ਉੱਤੇ ਸੁੱਟ ਦਿੱਤਾ ਗਿਆ ਤੇ ਉਸ ਦੇ ਸਿਰ ਵਿੱਚ ਕਈ ਠੁੱਡੇ ਮਾਰੇ ਗਏ। 16 ਸਾਲਾ ਉਸ ਲੜਕੀ ਨੇ ਆਖਿਆ ਕਿ ਉਸ ਨੂੰ ਸਮਝ ਹੀ ਨਹੀਂ ਆਈ ਕਿ ਸੱਭ ਕੀ ਹੋ ਰਿਹਾ ਹੈ ਤੇ ਉਸ ਨੂੰ ਕਿਉਂ ਕੁੱਟਿਆ ਮਾਰਿਆ ਜਾ ਰਿਹਾ ਹੈ। ਉਸ ਨੂੰ ਕਈ ਸੱਟਾਂ ਲੱਗੀਆਂ।

ਉਸ ਦੇ ਮੂੰਹ, ਗਲੇ, ਸਿਰ ਤੇ ਪਸਲੀਆਂ ਵਿੱਚ ਕਈ ਸੱਟਾਂ ਲੱਗੀਆਂ ਹਨ। ਇਸ ਸਾਰੀ ਘਟਨਾ ਨੂੰ ਕਈ ਵਿਦਿਆਰਥੀਆਂ ਵੱਲੋਂ ਆਪਣੇ ਫੋਨ ਉੱਤੇ ਰਿਕਾਰਡ ਕੀਤਾ ਗਿਆ ਤੇ ਇਸ ਦੀ ਫੁਟੇਜ ਉਦੋਂ ਤੋਂ ਹੀ ਆਨਲਾਈਨ ਹੋ ਰਹੀ ਹੈ। ਟੀਨੇਜਰ ਲੜਕੀ ਨੇ ਦੱਸਿਆ ਕਿ ਉਹ ਤੇ ਉਸ ਦੀਆਂ ਦੋ ਹੋਰ ਸਹੇਲੀਆਂ ਕਈ ਵਾਰੀ ਸਕੂਲ ਪ੍ਰਸ਼ਾਸਨ ਕੋਲ ਜਾ ਕੇ ਉਨ੍ਹਾਂ ਨੂੰ ਮਿਲ ਰਹੀਆਂ ਧਮਕੀਆਂ ਬਾਰੇ ਦੱਸ ਚੁੱਕੀਆਂ ਸਨ ਤੇ ਸੋਮਵਾਰ ਨੂੰ ਲੜਾਈ ਤੋਂ ਕੁੱਝ ਸਮਾਂ ਪਹਿਲਾਂ ਵੀ ਉਹ ਇਸ ਖ਼ਤਰੇ ਬਾਰੇ ਸਕੂਲ ਪ੍ਰਸ਼ਾਸਨ ਨੂੰ ਦੱਸ ਕੇ ਆਈਆਂ ਸਨ ਪਰ ਸਕੂਲ ਵੱਲੋਂ ਇਸ ਪਾਸੇ ਕੋਈ ਕੰਨ ਨਹੀਂ ਕੀਤੇ ਗਏ।

ਲੜਾਈ ਤੋਂ ਬਾਅਦ ਟੀਨੇਜਰਜ਼ ਨੇ ਖੁਦ ਹੀ ਐਂਬੂਲੈਂਸ ਨੂੰ ਤੇ ਪੁਲਿਸ ਨੂੰ ਫੋਨ ਕੀਤਾ। ਯੌਰਕ ਰੀਜਨਲ ਪੁਲਿਸ ਨੇ ਦੱਸਿਆ ਕਿ ਚਾਰ 14 ਸਾਲਾ ਤੇ ਇੱਕ 15 ਸਾਲਾ ਟੀਨੇਜਰ ਨੂੰ ਇਸ ਹਮਲੇ ਦੇ ਸਬੰਧ ਵਿੱਚ ਚਾਰਜ ਕੀਤਾ ਗਿਆ ਹੈ।

# ਓਸ਼ਵਾ ਵਿੱਚ ਚੱਲੀ ਗੋਲੀ ਦੇ ਸਬੰਧ ਵਿੱਚ 15 ਸਾਲਾ ਲੜਕੇ ਨੂੰ ਕੀਤਾ ਗਿਆ ਚਾਰਜ

ਓਸ਼ਵਾ, 29 ਜਨਵਰੀ (ਪੋਸਟ ਬਿਊਰੋ) : ਵੀਕੈਂਡ ਉੱਤੇ ਓਸ਼ਵਾ ਵਿੱਚ ਹੋਈ ਸ਼ੂਟਿੰਗ ਦੇ ਸਬੰਧ ਵਿੱਚ 15 ਸਾਲਾ ਲੜਕੇ ਨੂੰ ਦਰਜਨਾਂ ਚਾਰਜਜ਼ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਦਰਹਾਮ ਰੀਜਨਲ ਪੁਲਿਸ ਅਧਿਕਾਰੀ ਵੈਂਟਵਰਥ ਸਟਰੀਟ ਵੈਸਟ ਤੇ ਹਾਈਵੇਅ 401 ਨੇੜੇ ਸੇਡਾਰ ਸਟਰੀਟ ਉੱਤੇ ਇੱਕ ਵਿਅਕਤੀ ਕੋਲ ਹਥਿਆਰ ਹੋਣ ਦੀਆਂ ਖਬਰਾਂ ਮਿਲਣ ਤੋਂ ਬਾਅਦ ਸ਼ਾਮੀਂ 6:45 ਉੱਤੇ ਪਹੁੰਚੇ। ਜਦੋਂ ਪੁਲਿਸ ਮੌਕੇ ਉੱਤੇ ਪਹੁੰਚੀ ਤਾਂ ਉਨ੍ਹਾਂ ਨੂੰ ਇੱਕ 26 ਸਾਲਾ ਵਿਅਕਤੀ ਗੋਲੀ ਲੱਗਣ ਕਾਰਨ ਜ਼ਖ਼ਮੀ ਹਾਲਤ ਵਿੱਚ ਮਿਲਿਆ। ਉਸ ਨੂੰ ਗੰਭੀਰ ਹਾਲਤ ਵਿੱਚ ਟੋਰਾਂਟੋ ਦੇ ਹਸਪਤਾਲ ਲਿਜਾਇਆ ਗਿਆ।

ਪੁਲਿਸ ਨੇ ਦੱਸਿਆ ਕਿ ਟੀਨੇਜਰ, ਜੋ ਕਿ ਓਸ਼ਵਾ ਤੋਂ ਹੈ, ਨੂੰ ਮੌਕੇ ਉੱਤੇ ਹੀ ਗ੍ਰਿਫਤਾਰ ਕਰ ਲਿਆ ਗਿਆ। ਉਸ ਨੂੰ ਹਥਿਆਰ ਤਾਨਣ, ਹਥਿਆਰ ਚਲਾਉਣ, ਹਮਲਾ ਕਰਨ ਆਦਿ ਵਰਗੇ 11 ਮਾਮਲਿਆਂ ਵਿੱਚ ਚਾਰਜ ਕੀਤਾ ਗਿਆ।


MagGas Medical Brampton
MGM MAGGAS MEDICAL INC.
(647) 954-9885
20 Maritime Ont Blvd Unit 15
Brampton, ON L6S 0C2

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜ਼ੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਫਰੀ ਪਿਕਅਪ
Best Rates For Lessons
647-998-7500 ਬਲਵਿੰਦਰ

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca

Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6 Brampton, ON, L6P 3W4
Aman Sharma Open Saturday
Providing excellent quality legal services to our clients

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
Immigration, Real Estate, Family Law, Business Closing, Corporate, Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
Late Evening and Weekends Appointments Available 1888 864 3131
Jasbir Singh Hundal Qualified Credit Counsellor
416-502-3100
www.MakeMeDebtFree.ca
Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control : Mouse & Rats, Spiders & Fleas, Bedbugs, Wasps, Cockroaches, Carpenter Ants, Silver Fish, Racoons
Call : PARESH PATEL
416 938 4598

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
Purchase || Refinance || Major Banks /Credit Unions || Private Lenders || Second Mortgages-Lowest 6.99 %
Cell: 416-841-4218 Tel: 905-216-5563
The Mortgage Centre
AvonFinancial
Harpreet Singh Goraya
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
Real Estate Law, Business Law, Wills & Estates, Family Law, Power of Attorney, Civil Litigation
Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ

ਲੜੇ ਅੱਜ ਅੰਮ੍ਰਿਤਸਰ ਵਿੱਚ ਕਾਂਗਰਸੀਏ,
ਲੜਨੋਂ ਬਾਝ ਨਾ ਕਦੇ ਇਹ ਰਹਿਣ ਬੇਲੀ।
ਉੱਠੇ ਜਦੋਂ ਕੁਝ ਬੋਲਣ ਨੂੰ ਇੱਕ ਲੀਡਰ,
ਆਪਣੀ ਗੱਲ ਲੱਗਦੇ ਦੂਜੇ ਕਹਿਣ ਬੇਲੀ।
ਟੋਕ-ਟਕੋਰ ਦੀ ਹੱਦ ਸਭ ਕਰਨ ਲੱਗਦੇ,
ਕੀਤੀ ਅਗਲੇ ਦੀ ਕਦੇ ਨਾ ਸਹਿਣ ਬੇਲੀ।
ਤਾਅਨੇ-ਮਿਹਣਿਆਂ ਤੋਂ ਜਾਵੇ ਗੱਲ ਅੱਗੇ,
ਫੇਰ ਲੱਗਦੀਆਂ ਪੱਗਾਂਹਨ ਲਹਿਣ ਬੇਲੀ।
ਮੋਦੀ ਆਖਦਾ ਕਾਂਗਰਸ ਨਾ ਰਹਿਣ ਦੇਣੀ,
ਕਾਂਗਰਸ ਲੀਡਰ ਨੇ ਓਸ ਤੋਂ ਡਰੀ ਜਾਂਦੇ।
ਏਨੀ ਖੇਚਲ ਦੀ ਮੋਦੀ ਨੂੰ ਲੋੜ ਨਹੀਂ ਜੀ,
ਅਗਲੇ ਇਹੀ ਕੁਝ ਆਪ ਤਾਂ ਕਰੀ ਜਾਂਦੇ।

**ਤੀਸ ਮਾਰ ਖਾਂ**

# ਅਮਰੀਕਾ ਵਿਚ ਹਥੌੜੇ ਮਾਰ ਕੇ ਭਾਰਤੀ ਵਿਦਿਆਰਥੀ ਦਾ ਕਤਲ, ਮੁਲਜ਼ਮ ਗ੍ਰਿਫਤਾਰ



ਨਿਊਯਾਰਕ, 29 ਜਨਵਰੀ (ਪੋਸਟ ਬਿਊਰੋ): ਅਮਰੀਕਾ ਦੇ ਜਾਰਜੀਆ ਵਿਚ ਇੱਕ ਭਾਰਤੀ ਵਿਦਿਆਰਥੀ ਦਾ ਕਤਲ ਕਰ ਦਿੱਤਾ ਗਿਆ। ਜਾਣਕਾਰੀ ਮੁਤਾਬਕ 25 ਸਾਲਾ ਵਿਦਿਆਰਥੀ ਵਿਵੇਕ ਸੈਣੀ ਦਾ ਕਤਲ ਇਕ ਬੇਘਰ ਵਿਅਕਤੀ ਨੇ ਕੀਤਾ ਸੀ। ਉਸ ਨੇ ਵਿਵੇਕ ਦੇ ਸਿਰ 'ਤੇ ਹਥੌੜੇ ਨਾਲ 50 ਵਾਰ ਕੀਤੇ।

ਵਿਵੇਕ ਇੱਕ ਫੂਡ ਮਾਰਟ ਵਿਚ ਕੰਮ ਕਰਦਾ ਸੀ। ਇੱਕ ਬੇਘਰ ਆਦਮੀ ਸਟੋਰ ਦੇ ਬਾਹਰ ਆਉਂਦਾ ਸੀ। ਵਿਵੇਕ ਅਤੇ ਸਟੋਰ ਦੇ ਹੋਰ ਕਰਮਚਾਰੀਆਂ ਨੇ ਇਸ ਬੇਘਰ ਵਿਅਕਤੀ ਨੂੰ ਰਹਿਣ ਲਈ ਜਗ੍ਹਾ ਦਿੱਤੀ ਸੀ। ਉਹ ਇੱਥੇ ਰਹਿੰਦਾ ਸੀ। ਪਰ 16 ਜਨਵਰੀ ਨੂੰ ਜਦੋਂ ਵਿਵੇਕ ਨੇ ਉਸ ਨੂੰ ਜਗ੍ਹਾ ਖਾਲੀ ਕਰਨ ਲਈ ਕਿਹਾ ਤਾਂ ਉਸ ਨੇ ਗੁੱਸੇ 'ਚ ਆ ਕੇ ਵਿਵੇਕ ਦਾ ਕਤਲ ਕਰ ਦਿੱਤਾ।

ਮਾਮਲੇ ਦੀ ਜਾਣਕਾਰੀ ਦਿੰਦਿਆਂ ਪੁਲਿਸ ਨੇ ਦੱਸਿਆ ਕਿ ਜਾਰਜੀਆ ਵਿੱਚ ਇੱਕ ਭਾਰਤੀ ਵਿਦਿਆਰਥੀ ਦਾ ਕਤਲ ਕਰਨ ਵਾਲੇ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ।

ਫੂਡ ਮਾਰਟ ਵਿਚ ਵਿਵੇਕ ਦੇ ਨਾਲ ਕੰਮ ਕਰਨ ਵਾਲੇ ਇੱਕ ਕਰਮਚਾਰੀ ਨੇ ਪੁਲਿਸ ਨੂੰ ਦੱਸਿਆ - ਜੂਲੀਅਨ ਫਾਕਨਰ ਨਾਮ ਦਾ ਇੱਕ ਬੇਘਰ ਵਿਅਕਤੀ ਅਕਸਰ ਸਾਡੇ ਸਟੋਰ ਦੇ ਬਾਹਰ ਆ ਕੇ ਬੈਠਦਾ ਸੀ। ਅਸੀਂ ਉਸਨੂੰ ਕਦੇ ਵੀ ਛੱਡਣ ਲਈ ਨਹੀਂ ਕਿਹਾ। ਵਿਵੇਕ ਨੇ ਉਸ ਨੂੰ ਭੋਜਨ ਅਤੇ ਪਾਣੀ ਵੀ ਦਿੱਤਾ। ਇੱਕ ਵਾਰ ਜੂਲੀਅਨ ਨੇ ਇੱਕ ਕੰਬਲ ਮੰਗਿਆ, ਸਾਡੇ ਕੋਲ ਕੋਈ ਨਹੀਂ ਸੀ ਪਰ ਅਸੀਂ ਉਸਨੂੰ ਇੱਕ ਜੈਕਟ ਦੇ ਦਿੱਤੀ।

ਸਰਦੀਆਂ ਦਾ ਮੌਸਮ ਹੋਣ ਕਰ ਕੇ ਉਸ ਨੂੰ ਰਹਿਣ ਲਈ ਨਿੱਘੀ ਥਾਂ ਵੀ ਦਿੱਤੀ। ਅਸੀਂ ਜਿੰਨਾ ਹੋ ਸਕੇ ਕੀਤਾ। ਜੂਲੀਅਨ ਦੇ ਸਟੋਰ ਦੇ ਦੌਰੇ ਵਧ ਗਏ। 16 ਜਨਵਰੀ ਨੂੰ ਵਿਵੇਕ ਨੇ ਉਸ ਨੂੰ ਕਿਸੇ ਹੋਰ ਥਾਂ ਜਾਣ ਲਈ ਕਿਹਾ। ਉਸ ਨੂੰ ਧਮਕੀ ਵੀ ਦਿੱਤੀ ਗਈ ਕਿ ਜੇਕਰ ਉਹ ਨਾ ਗਿਆ ਤਾਂ ਪੁਲਿਸ ਬੁਲਾ ਲਈ ਜਾਵੇਗੀ।

ਇਸ ਤੋਂ ਬਾਅਦ ਜੂਲੀਅਨ ਵਿਵੇਕ 'ਤੇ ਹਮਲਾ ਕਰਕੇ ਉਸ ਨੂੰ ਮਾਰ ਦਿੰਦਾ ਹੈ। ਵਿਵੇਕ 2 ਸਾਲ ਪਹਿਲਾਂ ਪੜ੍ਹਾਈ ਲਈ ਅਮਰੀਕਾ ਆਇਆ ਸੀ। ਉਸਨੇ ਹਾਲ ਹੀ ਵਿੱਚ ਆਪਣੀ ਮਾਸਟਰਸ ਪੂਰੀ ਕੀਤੀ ਸੀ।

# ਸਾਬਕਾ ਰਾਸ਼ਟਰਪਤੀ ਟਰੰਪ ਨੇ ਕਿਹਾ: ਅਮਰੀਕੀ ਸਰਹੱਦ ਨੇੜੇ ਹੋ ਸਕਦਾ ਹੈ ਵੱਡਾ ਅੱਤਵਾਦੀ ਹਮਲਾ



ਵਾਸ਼ਿੰਗਟਨ, 29 ਜਨਵਰੀ (ਪੋਸਟ ਬਿਊਰੋ): ਅਮਰੀਕਾ ਦੇ ਸਾਬਕਾ ਰਾਸ਼ਟਰਪਤੀ ਡੋਨਾਲਡ ਟਰੰਪ ਦਾ ਵੱਡਾ ਬਿਆਨ ਆਇਆ ਹੈ। ਡੋਨਾਲਡ ਟਰੰਪ ਨੇ ਆਪਣੇ ਦੇਸ਼ ਦੀਆਂ ਸਰਹੱਦਾਂ 'ਤੇ ਵੱਡੇ ਅੱਤਵਾਦੀ ਹਮਲੇ ਦਾ ਖਦਸ਼ਾ ਪ੍ਰਗਟਾਇਆ ਹੈ। ਟਰੰਪ ਨੇ ਕਿਹਾ ਕਿ ਤਿੰਨ ਸਾਲ ਪਹਿਲਾਂ ਤੱਕ ਅਮਰੀਕਾ ਦੀਆਂ ਸਰਹੱਦਾਂ ਮਜ਼ਬੂਤ ਸਨ, ਪਰ ਹੁਣ ਤਬਾਹੀ ਦੀ ਉਡੀਕ ਹੋ ਰਹੀ ਹੈ, ਸਰਹੱਦਾਂ ਓਨੀਆਂ ਸੁਰੱਖਿਅਤ ਨਹੀਂ ਹਨ। ਟਰੰਪ ਨੇ ਕਿਹਾ ਕਿ ਵੱਡੇ ਅੱਤਵਾਦੀ ਹਮਲਿਆਂ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ। ਕਿਉਂਕਿ ਅਮਰੀਕਾ ਦੀਆਂ ਸਰਹੱਦਾਂ ਖੁੱਲ੍ਹੇ ਜ਼ਖ਼ਮ ਵਾਂਗ ਹਨ। ਅਮਰੀਕਾ ਦੇ ਸਾਬਕਾ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਖਦਸ਼ਾ ਪ੍ਰਗਟਾਇਆ ਹੈ ਕਿ ਅਮਰੀਕੀ ਸਰਹੱਦ ਨੇੜੇ ਕੋਈ ਵੱਡਾ ਅੱਤਵਾਦੀ ਹਮਲਾ ਹੋ ਸਕਦਾ ਹੈ। ਉਨ੍ਹਾਂ ਨੇ ਸੋਸ਼ਲ ਮੀਡੀਆ 'ਤੇ ਇਕ ਪੋਸਟ 'ਚ ਇਹ ਗੱਲ ਕਹੀ। ਇਸ ਪਿੱਛੇ ਕਾਰਨ ਦੱਸਦੇ ਹੋਏ ਟਰੰਪ ਨੇ ਕਿਹਾ ਕਿ ਅਮਰੀਕਾ ਅਤੇ ਮੈਕਸੀਕੋ ਸਰਹੱਦ ਨੂੰ ਲੈ ਕੇ ਕੀਤੀ ਜਾ ਰਹੀ ਡੀਲ ਤਬਾਹੀ ਲਿਆ ਸਕਦੀ ਹੈ। ਉਨ੍ਹਾਂ ਨੇ ਅਮਰੀਕਾ ਦੀ ਦੱਖਣੀ ਸਰਹੱਦ ਨੂੰ ਦੁਨੀਆਂ ਦੇ ਇਤਿਹਾਸ ਵਿਚ ਸਭ ਤੋਂ ਖਰਾਬ ਦੱਸਿਆ ਅਤੇ ਖਦਸ਼ਾ ਪ੍ਰਗਟਾਇਆ ਕਿ ਅਮਰੀਕਾ 'ਚ ਕੋਈ ਵੱਡਾ ਅੱਤਵਾਦੀ ਹਮਲਾ ਹੋ ਸਕਦਾ ਹੈ।

ਸੋਸ਼ਲ ਮੀਡੀਆ 'ਤੇ ਇਕ ਪੋਸਟ 'ਚ ਟਰੰਪ ਨੇ ਲਿਖਿਆ ਕਿ ਤਿੰਨ ਸਾਲ ਪਹਿਲਾਂ ਤੱਕ ਸਾਡੀਆਂ ਸਰਹੱਦਾਂ ਇਤਿਹਾਸ ਵਿਚ ਸਭ ਤੋਂ ਮਜ਼ਬੂਤ ਅਤੇ ਸੁਰੱਖਿਅਤ ਸਨ, ਪਰ ਅੱਜ ਲੱਗਦਾ ਹੈ ਕਿ ਸਰਹੱਦ 'ਤੇ ਤਬਾਹੀ ਉਡੀਕ ਰਹੀ ਹੈ। ਟਰੰਪ ਨੇ ਲਿਖਿਆ ਕਿ ਦੁਨੀਆਂ ਭਰ ਤੋਂ ਅੱਤਵਾਦੀ ਬਿਨਾਂ ਕਿਸੇ ਜਾਂਚ ਦੇ ਸਾਡੇ ਦੇਸ਼ 'ਚ ਦਾਖਲ ਹੋ ਰਹੇ ਹਨ। ਇਸ ਗੱਲ ਦੀ 100 ਫੀਸਦੀ ਸੰਭਾਵਨਾ ਹੈ ਕਿ ਅਮਰੀਕਾ 'ਚ ਸਰਹੱਦ ਨੇੜੇ ਕੋਈ ਵੱਡਾ ਅੱਤਵਾਦੀ ਹਮਲਾ ਹੋ ਸਕਦਾ ਹੈ।

# ਜਰਮਨੀ ਨੇ ਭਾਰਤ ਨੂੰ 45 ਹਜ਼ਾਰ ਕਰੋੜ ਰੁਪਏ ਦੀ ਪਣਡੁੱਬੀ ਖਰੀਦਣ ਦਾ ਦਿੱਤਾ ਆਫਰ



ਬਰਲਿਨ, 29 ਜਨਵਰੀ (ਪੋਸਟ ਬਿਊਰੋ): ਭਾਰਤ ਆਪਣੀਆਂ ਸਮੁੰਦਰੀ ਸਰਹੱਦਾਂ ਦੀ ਸੁਰੱਖਿਆ ਵਧਾਉਣ ਅਤੇ ਆਪਣੀ ਸਮੁੰਦਰੀ ਸ਼ਕਤੀ ਨੂੰ ਵਧਾਉਣ ਦੇ ਉਦੇਸ਼ ਨਾਲ 45 ਹਜ਼ਾਰ ਕਰੋੜ ਰੁਪਏ ਦੀ ਵੱਡੀ ਰਕਮ ਦੀਆਂ ਕਾਤਲ ਪਣਡੁੱਬੀਆਂ ਖਰੀਦੇਗਾ। ਇਸ ਦੇ ਲਈ ਯੂਰਪੀ ਦੇਸ਼ ਜਰਮਨੀ ਨੇ ਭਾਰਤ ਨੂੰ ਵੱਡਾ ਆਫਰ ਦਿੱਤਾ ਹੈ। ਜਰਮਨ ਸਰਕਾਰ ਨੇ ਭਾਰਤ ਨੂੰ 6 ਅਤਿ-ਆਧੁਨਿਕ ਪਣਡੁੱਬੀਆਂ ਖਰੀਦਣ ਲਈ ਦੋਵਾਂ ਸਰਕਾਰਾਂ ਵਿਚਾਲੇ ਸਮਝੌਤਾ ਕਰਨ ਦੀ ਪੇਸ਼ਕਸ਼ ਕੀਤੀ ਹੈ। ਇਸ ਵੱਡੇ ਸੌਦੇ ਨੂੰ ਲੈ ਕੇ ਭਾਰਤ ਅਤੇ ਜਰਮਨੀ ਵਿਚਾਲੇ ਗੱਲਬਾਤ ਹੋ ਚੁੱਕੀ ਹੈ। ਜਰਮਨੀ ਦੇ ਨਾਲ-ਨਾਲ ਇਕ ਹੋਰ ਯੂਰਪੀ ਦੇਸ਼ ਸਪੇਨ ਵੀ ਭਾਰਤ ਨੂੰ ਪਣਡੁੱਬੀਆਂ ਵੇਚਣਾ ਚਾਹੁੰਦਾ ਹੈ। ਇਹ ਪਣਡੁੱਬੀਆਂ ਏਆਈਪੀ ਨਾਲ ਲੈਸ ਹਨ ਅਤੇ ਲੰਬੇ ਸਮੇਂ ਤੱਕ ਸਮੁੰਦਰ ਦੇ ਹੇਠਾਂ ਲੁਕੀਆਂ ਰਹਿਣਗੀਆਂ। ਆਪਣੇ ਦੋਨਾਂ ਗੁਆਂਢੀ ਦੁਸ਼ਮਣ ਦੇਸ਼ਾਂ ਦੇ ਵਧਦੇ ਖ਼ਤਰੇ ਦੇ ਵਿਚਕਾਰ, ਭਾਰਤ ਆਪਣੀ ਰੱਖਿਆ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕੰਮ ਕਰ ਰਿਹਾ ਹੈ। ਭਾਰਤ ਆਪਣੇ ਆਧੁਨਿਕ ਹਥਿਆਰਾਂ ਦੇ ਭੰਡਾਰ ਨੂੰ ਲਗਾਤਾਰ ਵਧਾ ਰਿਹਾ ਹੈ। ਇਹ ਵਿਦੇਸ਼ਾਂ ਤੋਂ ਬਹੁਤ ਸਾਰੇ ਹਥਿਆਰ ਖਰੀਦ ਰਿਹਾ ਹੈ ਅਤੇ ਭਾਰਤ ਵਿੱਚ ਹੀ ਬਹੁਤ ਸਾਰੇ ਹਥਿਆਰ ਅਤੇ ਤਕਨੀਕਾਂ ਵਿਕਸਤ ਕਰ ਰਿਹਾ ਹੈ। ਹਾਲ ਹੀ ਦੇ ਸਮੇਂ 'ਚ ਚੀਨ ਹਿੰਦ ਮਹਾਸਾਗਰ 'ਚ ਲਗਾਤਾਰ ਆਪਣੀ ਦਖਲਅੰਦਾਜ਼ੀ ਵਧਾ ਰਿਹਾ ਹੈ। ਅਜਿਹੇ ਵਿੱਚ ਭਾਰਤ ਨੇ ਚੀਨ ਦੇ ਖਤਰੇ ਨਾਲ ਨਜਿੱਠਣ ਲਈ ਇੱਕ ਵੱਡਾ ਸੌਦਾ ਕੀਤਾ ਹੈ। ਇਹ ਸੌਦਾ ਖਤਰਨਾਕ ਪਣਡੁੱਬੀਆਂ ਬਾਰੇ ਹੈ। 45 ਹਜ਼ਾਰ ਕਰੋੜ ਰੁਪਏ ਦੀਆਂ ਪਣਡੁੱਬੀਆਂ ਦਾ ਇਹ ਸੌਦਾ ਚੀਨ ਅਤੇ ਪਾਕਿਸਤਾਨ ਲਈ ਵੱਡਾ ਝਟਕਾ ਹੋਵੇਗਾ।

# ਕੇਂਦਰ ਵਲੋਂ 26 ਜਨਵਰੀ 'ਤੇ ਰੱਦ ਕੀਤੀਆਂ ਝਾਕੀਆਂ ਨੇ ਲੋਕਾਂ ਦਾ ਮਨ ਮੋਹਿਆ




ਚੰਡੀਗੜ੍ਹ, 29 ਜਨਵਰੀ (ਪੋਸਟ ਬਿਊਰੋ): ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਮਹਾਨ ਯੋਧਿਆਂ, ਮਾਈ ਭਾਗੋ -ਮਹਿਲਾ ਸਸ਼ਕਤੀਕਰਨ ਅਤੇ ਪੰਜਾਬੀ ਸੱਭਿਆਚਾਰ ਨੂੰ ਦਰਸਾਉਂਦੀਆਂ ਝਾਕੀਆਂ ਨੇ ਬੀਤੇ ਦਿਨ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਿਲ੍ਹੇ ਦੀਆਂ ਸੜਕਾਂ 'ਤੇ ਆ ਕੇ ਲੋਕਾਂ 'ਤੇ ਡੂੰਘੀ ਛਾਪ ਛੱਡੀ। ਕੁਰਾਲੀ ਵਿੱਚ ਦਾਖ਼ਲ ਹੋਣ 'ਤੇ ਜੋਧਾ ਸਿੰਘ ਮਾਨ (ਕੈਬਨਿਟ ਮੰਤਰੀ ਅਨਮੋਲ ਗਗਨ ਮਾਨ ਦੇ ਪਿਤਾ) ਦੀ ਅਗਵਾਈ ਵਿੱਚ ਸਥਾਨਕ ਲੋਕਾਂ ਵੱਲੋਂ ਝਾਕੀਆਂ ਦਾ ਨਿੱਘਾ ਸਵਾਗਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪੰਜਾਬ ਦਾ ਇਤਿਹਾਸ ਅਤੇ ਸੱਭਿਆਚਾਰ ਬੇਮਿਸਾਲ ਹੈ ਅਤੇ ਇਸ ਨੂੰ ਕੋਈ ਵੀ ਘਟਾ ਕੇ ਨਹੀਂ ਦੇਖ ਸਕਦਾ। ਉਨ੍ਹਾਂ ਪੰਜਾਬ ਸਰਕਾਰ ਵੱਲੋਂ ਕੌਮੀ ਗਣਤੰਤਰ ਦਿਵਸ ਲਈ ਤਿਆਰ ਕੀਤੀਆਂ ਝਾਕੀਆਂ, ਜਿਨ੍ਹਾਂ ਨੂੰ ਉੱਥੇ ਪ੍ਰਦਰਸ਼ਿਤ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਗਈ, ਨੂੰ ਪੰਜਾਬ ਦੇ ਲੋਕਾਂ ਨੂੰ ਦਿਖਾਉਣ ਦੇ ਉਪਰਾਲਿਆਂ ਦੀ ਸ਼ਲਾਘਾ ਕੀਤੀ।

ਇਨ੍ਹਾਂ ਝਾਕੀਆਂ ਨੇ ਪੰਜਾਬ ਦੇ ਮਹਾਨ ਯੋਧਿਆਂ; ਸ਼ਹੀਦ ਕਰਤਾਰ ਸਿੰਘ ਸਰਾਭਾ, ਡਾ: ਦੀਵਾਨ ਸਿੰਘ ਕਾਲੇਪਾਣੀ, ਮਦਨ ਲਾਲ ਢੀਂਗਰਾ, ਲਾਲਾ ਹਰਦਿਆਲ, ਸਰਦਾਰ ਅਜੀਤ ਸਿੰਘ (ਪਗੜੀ ਸੰਭਾਲ ਜੱਟਾ), ਬਾਬਾ ਖੜਗ ਸਿੰਘ, ਜਲ੍ਹਿਆਂ ਵਾਲੇ ਬਾਗ ਦੀ ਗਾਥਾ, ਮਹਾਨ ਨਾਰੀ ਯੋਧਾ ਮਾਈ ਭਾਗੋ ਜਿਨ੍ਹਾਂ ਨੇ 40 ਮੁਕਤਿਆਂ ਨੂੰ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨਾਲ ਦੁਬਾਰਾ ਜੁੜਨ ਦੀ ਪ੍ਰੇਰਨਾ ਦਿੱਤੀ ਅਤੇ ਪੰਜਾਬੀ ਸੱਭਿਆਚਾਰ ਜਿਵੇਂ ਫੁਲਕਾਰੀ ਆਦਿ ਨੂੰ ਦਰਸਾਇਆ ਗਿਆ। ਅੱਜ ਇਹ ਝਾਕੀਆਂ ਦਾ ਸਫਰ ਕੁਰਾਲੀ ਤੋਂ ਖਰੜ ਤੱਕ ਸ਼ੁਰੂ ਹੋ ਕੇ ਭਲਕੇ ਅਗਲੀ ਮੰਜ਼ਿਲ ਲਈ ਰਵਾਨਾ ਹੋਣ ਲਈ ਚੱਪੜਚਿੜੀ ਖੁਰਦ ਵਿਖੇ ਜਾ ਕੇ ਰੁਕਿਆ।

ਖਰੜ ਵਿਖੇ ਤਹਿਸੀਲਦਾਰ ਜਸਵਿੰਦਰ ਸਿੰਘ ਵੱਲੋਂ ਝਾਕੀਆਂ ਦਾ ਸਵਾਗਤ ਕੀਤਾ ਗਿਆ। ਝਾਕੀਆਂ ਨੇ ਲੋਕਾਂ ਨੂੰ ਆਕਰਸ਼ਿਤ ਕੀਤਾ ਅਤੇ ਉਨ੍ਹਾਂ ਦੇਖਣ ਦੇ ਨਾਲ-ਨਾਲ ਉਨ੍ਹਾਂ ਨਾਲ ਸੈਲਫੀ ਵੀ ਲਈਆਂ। ਉਨ੍ਹਾਂ ਕਿਹਾ ਕਿ ਇਨ੍ਹਾਂ ਝਾਕੀਆਂ ਰਾਹੀਂ ਦਰਸ-ਾਇਆ ਜਾ ਰਿਹਾ ਮਹਾਨ ਇਤਿਹਾਸ ਅਤੇ ਸੱਭਿਆਚਾਰ ਨੌਜਵਾਨ ਪੀੜ੍ਹੀ ਨੂੰ ਆਪਣੀਆਂ ਜੜ੍ਹਾਂ ਨਾਲ ਜੋੜਨ ਲਈ ਲਾਹੇਵੰਦ ਹੋਵੇਗਾ।

# ਭਾਨਾ ਸਿੱਧੂ ਨੂੰ 14 ਦਿਨਾਂ ਲਈ ਨਿਆਂਇਕ ਹਿਰਾਸਤ ਵਿਚ ਭੇਜਿਆ



ਚੰਡੀਗੜ੍ਹ, 29 ਜਨਵਰੀ (ਪੋਸਟ ਬਿਊਰੋ): ਪੁਲਿਸ ਨੇ ਸੰਗਰੂਰ ਦੇ ਰਹਿਣ ਵਾਲੇ ਭਾਨਾ ਸਿੱਧੂ ਖ਼ਿਲਾਫ਼ ਸੋਨੇ ਦੀ ਚੇਨ ਖੋਹਣ ਦੇ ਦੋਸ਼ 'ਚ ਮਾਮਲਾ ਦਰਜ ਕਰਕੇ ਉਸ ਨੂੰ ਗ੍ਰਿਫਤਾਰ ਕੀਤਾ ਸੀ। ਹੁਣ ਖ਼ਬਰਾਂ ਆ ਰਹੀਆਂ ਹਨ ਕਿ ਪਟਿਆਲਾ ਪੁਲਿਸ ਨੇ ਭਾਨਾ ਸਿੱਧੂ ਨੂੰ ਅਦਾਲਤ ਵਿੱਚ ਪੇਸ਼ ਕੀਤਾ ਹੈ। ਇਸ ਦੇ ਨਾਲ ਹੀ ਅਦਾਲਤ ਨੇ ਭਾਨੇ ਨੂੰ 14 ਦਿਨਾਂ ਲਈ ਨਿਆਂਇਕ ਹਿਰਾਸਤ ਵਿੱਚ ਭੇਜ ਦਿੱਤਾ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ ਯੂਟਿਊਬਰ ਭਾਨਾ ਸਿੱਧੂ ਨੂੰ ਸੋਨੇ ਦੀ ਚੇਨ ਚੋਰੀ ਕਰਨ ਦੇ ਮਾਮਲੇ ਵਿੱਚ ਅਦਾਲਤ ਵਿੱਚ ਪੇਸ਼ ਕੀਤਾ ਗਿਆ ਹੈ। ਜਿਸ ਕਾਰਨ ਉਸ ਨੂੰ 14 ਦਿਨਾਂ ਦੀ ਨਿਆਂਇਕ ਹਿਰਾਸਤ ਵਿੱਚ ਭੇਜ ਦਿੱਤਾ ਗਿਆ ਹੈ। ਦੂਜੇ ਪਾਸੇ ਕਈ ਸਿਆਸੀ ਆਗੂ ਭਾਨੇ ਸਿੱਧੂ ਦੇ ਹੱਕ 'ਚ ਨਜ਼ਰ ਆਏ।

ਇਸ ਦੌਰਾਨ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਭਾਨਾ ਸਿੱਧੂ ਦੀ ਗ੍ਰਿਫ਼ਤਾਰੀ ਤੋਂ ਬਾਅਦ ਉਨ੍ਹਾਂ ਦੇ ਹੱਕ ਵਿੱਚ ਡਟ ਗਏ ਹਨ। ਚੰਨੀ ਨੇ ਇਕ ਨਿੱਜੀ ਸਮਾਗਮ ਦੌਰਾਨ ਕਿਹਾ ਕਿ ਪੰਜਾਬ ਸਰਕਾਰ ਦੀਆਂ ਗਲਤ ਨੀਤੀਆਂ ਦਾ ਵਿਰੋਧ ਕਰਨ ਵਾਲਿਆਂ ਖ਼ਿਲਾਫ਼ ਸਰਕਾਰ ਕਾਰਵਾਈ ਕਰ ਰਹੀ ਹੈ।

**SherGill Law Firm**
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca



ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
* How your spouse can join you within 4-6 months
* How your parents can join you
* How students & skilled people can come to Canada
* How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com





# ਚੰਡੀਗੜ੍ਹ ਪੁਲਿਸ ਦੀ ਪਹਿਲਕਦਮੀ ਨਾਲ 69 ਪੀ.ਸੀ.ਆਰ. ਵਾਹਨ ਕੀਤੇ ਤਾਇਨਾਤ




ਚੰਡੀਗੜ੍ਹ, 29 ਜਨਵਰੀ (ਪੋਸਟ ਬਿਊਰੋ): ਸੀਨੀਅਰ ਪੁਲਿਸ ਕਪਤਾਨ ਕੰਵਰਦੀਪ ਕੌਰ ਨੇ ਦੱਸਿਆ ਕਿ ਵਿਸ਼ਵਾਸ਼ ਪੈਦਾ ਕਰਨ ਦੀ ਪਹਿਲਕਦਮੀ ਤਹਿਤ, ਚੰਡੀਗੜ੍ਹ ਪੁਲਿਸ ਨੇ 69 ਪੀਸੀਆਰ (ਪੁਲਿਸ ਕੰਟਰੋਲ ਰੂਮ) ਵਾਹਨ ਸ਼ਹਿਰ ਵਿੱਚ ਨਿਰਧਾਰਤ ਸਥਾਨਾਂ 'ਤੇ ਤਾਇਨਾਤ ਕੀਤੇ ਹਨ ਜੋ ਦੂਰੋਂ ਹੀ ਲੋਕਾਂ ਨੂੰ ਦਿਖਾਈ ਦੇਣਗੇ। ਉਨ੍ਹਾਂ ਦੱਸਿਆ ਕਿ 69 ਪੀਸੀਆਰ ਵਾਹਨ 24 ਘੰਟੇ ਸ਼ਹਿਰ ਵਿੱਚ ਗਸ਼ਤ ਕਰ ਰਹੇ ਹਨ। ਐਕਸ 'ਤੇ ਇੱਕ ਪੋਸਟ ਵਿੱਚ, ਕੌਰ ਨੇ ਕਿਹਾ ਕਿ ਜਨਤਕ ਸੁਰੱਖਿਆ ਸਭ ਤੋਂ ਵੱਡੀ ਤਰਜੀਹ ਹੈ।

ਚੰਡੀਗੜ੍ਹ ਪੁਲਿਸ ਦੇ ਅਧਿਕਾਰੀਆਂ ਨੇ ਆਈ.ਟੀ.ਬੀ.ਪੀ. ਅਤੇ ਆਰ.ਏ.ਐਫ ਦੇ ਨਾਲ-ਨਾਲ ਸ਼ਹਿਰ ਵਿੱਚ ਅਪਰਾਧਾਂ ਨੂੰ ਨੱਥ ਪਾਉਣ, ਅਮਨ-ਕਾਨੂੰਨ ਦੀ ਵਿਵਸਥਾ ਬਣਾਈ ਰੱਖਣ, ਅਣਸੁਖਾਵੀਂ ਘਟਨਾਵਾਂ ਨੂੰ ਰੋਕਣ ਅਤੇ ਜਨਤਕ ਸੁਰੱਖਿਆ ਲਈ ਸੈਕਟਰ 13, 19, 25, 26, 41, 44 ਅਤੇ 45 ਦੇ ਬਾਜ਼ਾਰਾਂ ਅਤੇ ਰਿਹਾਇਸ਼ੀ ਖੇਤਰਾਂ ਵਿੱਚ ਪੈਦਲ ਗਸ਼ਤ ਕੀਤੀ। ਅਧਿਕਾਰੀਆਂ ਨੇ ਕਿਹਾ ਕਿ ਨਾਗਰਿਕ 112 ਡਾਇਲ ਕਰਕੇ ਪੀਸੀਆਰ ਵਾਹਨ ਸਹੂਲਤ ਦੀ ਵਰਤੋਂ ਕਰ ਸਕਦੇ ਹਨ ਅਤੇ ਇਹ ਪੰਜ ਮਿੰਟਾਂ ਵਿੱਚ ਪਹੁੰਚ ਜਾਵੇਗੀ ।

**Allseas Fisheries Inc. is Hiring!**
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

**TAX & ACCOUNTING**
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
Harcharan S. Grover
Chartered Accountant
214-7895 Tranmere Drive, Mississauga ON L5S 1V9



**ਬਰਾੜ ਗਰਾਜ ਡੋਰ**
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com





# ਵਿਸ਼ਵ ਪੰਜਾਬੀ ਸਭਾ ਵਲੋਂ ਮਿਲਣੀ ਅਤੇ ਕਵੀ ਦਰਬਾਰ ਅਯੋਜਿਤ



ਬਰੈਪਟਨ, 29 ਜਨਵਰੀ (ਗਿਆਨ ਸਿੰਘ): ਅੱਜ ਵਿਸ਼ਵ ਪੰਜਾਬੀ ਸਭਾ ਕੈਨੇਡਾ ਵਲੋਂ ਗਣਤੰਤਰ ਦਿਵਸ ਅਤੇ ਪੰਜਾਬੀ ਸਭਿਆਚਾਰ ਨੂੰ ਸਮਰਪਿਤ ਕਵੀ ਦਰਬਾਰ ਡਾਕਟਰ ਦਲਬੀਰ ਸਿੰਘ ਕਥੂਰੀਆ ਤੇ ਲੈਕਚਰਾਰ ਬਲਬੀਰ ਕੌਰ ਰਾਏਕੋਟੀ ਦੀ ਰਹਿਨੁਮਾਈ ਹੇਠ ਕਰਵਾਇਆ ਗਿਆ, ਜਿਸ ਵਿੱਚ ਵਿਸ਼ਵ ਪੰਜਾਬੀ ਸਭਾ ਕੈਨੇਡਾ ਨਾਲ ਜੁੜੇ ਵਿਸ਼ਵ ਦੇ ਵੱਖ ਵੱਖ ਦੇਸ਼ਾਂ ਤੋਂ ਸਾਹਿਤਕਾਰਾਂ ਤੇ ਕਵੀਆਂ ਨੇ ਆਪਣੀਆਂ ਰਚਨਾਵਾਂ ਸਾਂਝੀਆਂ ਕੀਤੀਆਂ। ਪ੍ਰੋਗਰਾਮ ਦਾ ਸੰਚਾਲਨ ਸਾਹਿਬਾ ਜੀਟਨ ਕੌਰ ਤੇ ਡਾਕਟਰ ਰਮਨਦੀਪ ਸਿੰਘ ਨੇ ਕੀਤਾ।ਜਰਮਨ ਤੋਂ ਕਵੀ ਦਰਬਾਰ ਵਿਚ ਜੁੜੇ ਡਾਕਟਰ ਦਲਬੀਰ ਸਿੰਘ ਕਥੂਰੀਆ, ਲੈਕਚਰਾਰ ਬਲਬੀਰ ਕੌਰ ਰਾਏਕੋਟੀ,ਬਾਲ ਮੁਕੰਦ ਸ਼ਰਮਾ, ਕੰਵਲਜੀਤ ਸਿੰਘ ਲੱਕੀ, ਪਵਨ ਮਨਚੰਦਾ ਤੇ ਸਾਰੀ ਟੀਮ ਨੇ ਹਾਜ਼ਰੀ ਲਗਵਾਈ। ਕਥੂਰੀਆ ਸਾਹਿਬ ਨੇ ਜਰਮਨ ਵਿੱਚ ਹੋ ਰਹੇ ਕਵੀ ਦਰਬਾਰ ਤੇ ਸੱਭਿਅਚਾਰਕ ਪ੍ਰੋਗਰਾਮ ਦੀਆਂ ਝਲਕੀਆਂ ਸਾਂਝੀਆਂ ਕੀਤੀਆਂ ਜਿਸ ਦਾ ਕਵੀ ਦਰਬਾਰ ਵਿਚ ਜੁੜੇ ਸਾਰੇ ਕਵੀਆਂ ਨੇ ਆਨੰਦ ਮਾਣਿਆ। ਇਸ ਮੌਕੇ ਵਿਸ਼ਵ ਪੰਜਾਬੀ ਸਭਾ ਕੈਨੇਡਾ ਦੇ ਬਰੈਂਡ ਅੰਬੈਸਡਰ ਤੇ ਪ੍ਰਸਿੱਧ ਹਾਸਰਸ ਕਲਾਕਾਰ ਬਾਲ ਮੁਕੰਦ ਸ਼ਰਮਾ ਨੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਵਿਸ਼ਵ ਪੰਜਾਬੀ ਸਭਾ ਕੈਨੇਡਾ ਤੇ ਪੰਜਾਬ ਸਰਕਾਰ ਵੱਲੋਂ ਪੰਜਾਬੀ ਸੱਭਿਆਚਾਰ,ਸੈਰ ਸਪਾਟਾ ਤੇ ਪੰਜਾਬੀ ਮਾਂ ਬੋਲੀ ਦੇ ਪ੍ਰਚਾਰ ਪਸਾਰ ਲਈ ਵਿਸ਼ਵ ਪੱਧਰ ਤੇ ਯਤਨ ਕੀਤੇ ਜਾ ਰਹੇ ਹਨ। ਪੰਜਾਬ ਸਰਕਾਰ ਵੱਲੋਂ ਕੈਬਨਿਟ ਮੰਤਰੀ ਅਨਮੋਲ ਗਗਨ ਮਾਨ ਤੇ ਵਿਸ਼ਵ ਪੰਜਾਬੀ ਸਭਾ ਕੈਨੇਡਾ ਦੀ ਟੀਮ ਯੂਰਪ ਦੇ ਵੱਖ ਵੱਖ ਦੇਸ਼ਾਂ ਫਰਾਂਸ, ਇਟਲੀ, ਸਪੇਨ, ਜਰਮਨ ਵਿੱਚ ਮੌਜੂਦ ਹੈ। ਪ੍ਰਧਾਨ ਲੈਕਚਰਾਰ ਬਲਬੀਰ ਕੌਰ ਰਾਏਕੋਟੀ ਨੇ ਆਪਣੇ ਵਿਚਾਰਾਂ ਵਿੱਚ ਕਿਹਾ ਕਿ ਵਿਸ਼ਵ ਵਿਚ ਮਾਂ ਬੋਲੀ ਪੰਜਾਬੀ ਹਰ ਘਰ ਤੱਕ ਪਹੁਚਾਉਣਾ ਹੀ ਸਾਡਾ ਮਕਸਦ ਹੈ। ਇਸ ਕਵੀ ਦਰਬਾਰ ਵਿਚ ਹਾਜ਼ਰੀ ਲਗਵਾਉਣ ਵਾਲੇ ਕਵੀਆਂ ਵਿਚ ਤਿਰਲੋਕ ਸਿੰਘ ਢਿੱਲੋਂ ਪਟਿਆਲਾ, ਕਿਰਪਾਲ ਸਿੰਘ ਮੂਣਕ, ਗੁਰਪ੍ਰੀਤ ਕੌਰ ਰਾਏਕੋਟੀ, ਜਗੀਰ ਸਿੰਘ ਕਾਹਲੋ, ਵਿਨੈ ਜੋਸ਼ੀ, ਮਹਿਮੂਦ ਥਿੰਦ ਮਲੇਰਕੋਟਲਾ, ਸੁਖਬੀਰ ਸਿੰਘ ਮੁਹਾਲੀ, ਰਵਿੰਦਰ ਕੌਰ ਭਾਟੀਆ,ਗਿਆਨ ਸਿੰਘ ਘਈ, ਬਲਜੀਤ ਸਿੰਘ ਗਰੋਵਰ, ਡਾਕਟਰ ਸੋਨੀਆ ਅੰਬਾਲਾ, ਲਖਵਿੰਦਰ ਕੌਰ, ਦਲਬੀਰ ਸਿੰਘ ਰਿਆੜ, ਰੇਖਾ ਗੁਰਮੀਤ ਸਿੰਘ ਬੱਬੀ ਬਾਜਾਖਾਨਾ, ਰਮਨਦੀਪ ਕੌਰ ਬਾਜਾਖਾਨਾ, ਹਰਪਾਲ ਸਿੰਘ ਫਤਹਿਪੁਰੀ, ਅਨੀਤਾ, ਮੰਗਤ ਖਾਨ, ਅਜ਼ੀਮ ਕਾਜ਼ੀ (ਲਹੌਰ) ਤੇ ਸੁਖਵਿੰਦਰ ਸਿੰਘ ਪਟਿਆਲਾ ਨੇ ਹਾਜ਼ਰੀ ਲਗਵਾਈ। ਸਾਬਕਾ ਡੀ ਪੀ ਆਰ ਓ ਸ ਗਿਆਨ ਸਿੰਘ ਨੇ ਆਪਣੇ ਵਿਚਾਰ ਪੇਸ ਕਰਦਿਆਂ ਵਿਸ਼ਵ ਪੰਜਾਬੀ ਸਭਾ ਵਲੋ ਸਕੂਲਾਂ ਲਈ ਪੰਜਾਬੀ ਪੁਸਤਕ ਛਪਵਾਉਣ ਦੇ ਫੈਸਲੇ ਦੀ ਸਲਾਘਾ ਕੀਤੀ। ਉਹਨਾਂ ਮਹਾਨ ਸ਼ਹੀਦ ਲਾਲਾ ਲਾਜਪਤ ਰਾਏ ਦੇ ਜਨਮ ਦਿਨ ਤੇ ਸ਼ਰਧਾਜਲੀ ਭੇਟ ਕਰਦਿਆਂ ਆਜ਼ਾਦੀ ਲਈ ਕੁਰਬਾਨੀਆਂ ਕਰਨ ਵਾਲੇ ਸ਼ਹੀਦ ਏ ਆਜ਼ਮ ਸ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਨੂੰ ਸਰਧਾਂਜਲੀ ਭੇਟ ਕੀਤੀ।

# ਜਤਿੰਦਰ ਸਿੰਘ ਔਲਖ ਨੇ ਚੇਅਰਮੈਨ ਪੰਜਾਬ ਲੋਕ ਸੇਵਾ ਕਮਿਸ਼ਨ ਅਤੇ ਇੰਦਰਪਾਲ ਸਿੰਘ ਨੇ ਰਾਜ ਮੁੱਖ ਸੂਚਨਾ ਕਮਿਸ਼ਨਰ ਦੇ ਅਹੁਦੇ ਲਈ ਚੁੱਕੀ





ਚੰਡੀਗੜ੍ਹ, 29 ਜਨਵਰੀ (ਗਿਆਨ ਸਿੰਘ): ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੇ ਅੱਜ ਪੰਜਾਬ ਰਾਜ ਭਵਨ, ਚੰਡੀਗੜ੍ਹ ਵਿਖੇ ਪੰਜਾਬ ਲੋਕ ਸੇਵਾ ਕਮਿਸ਼ਨ ਦੇ ਨਵ ਨਿਯੁਕਤ ਚੇਅਰਮੈਨ ਜਤਿੰਦਰ ਸਿੰਘ ਔਲਖ ਅਤੇ ਪੰਜਾਬ ਰਾਜ ਸੂਚਨਾ ਕਮਿਸ਼ਨ ਦੇ ਨਵ ਨਿਯੁਕਤ ਰਾਜ ਮੁੱਖ ਸੂਚਨਾ ਕਮਿਸ਼ਨਰ ਇੰਦਰਪਾਲ ਸਿੰਘ ਨੂੰ ਅਹੁਦੇ ਦਾ ਭੇਤ ਗੁਪਤ ਰੱਖਣ ਦਾ ਹਲਫ਼ ਦਿਵਾਇਆ।

ਇੱਥੇ ਪੰਜਾਬ ਰਾਜ ਭਵਨ ਵਿਖੇ ਮੁੱਖ ਸਕੱਤਰ ਅਨੁਰਾਗ ਵਰਮਾ ਨੇ ਸਹੁੰ ਚੁੱਕ ਸਮਾਗਮ ਦੀ ਕਾਰਵਾਈ ਚਲਾਈ।

ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ, ਬ੍ਰਮ ਸ਼ੰਕਰ ਜਿੰਪਾ ਤੇ ਗੁਰਮੀਤ ਸਿੰਘ ਖੁੱਡੀਆ, ਮੁੱਖ ਮੰਤਰੀ ਦੇ ਵਿਸ਼ੇਸ਼ ਮੁੱਖ ਸਕੱਤਰ ਵੀ ਕੇ ਸਿੰਘ, ਡੀਜੀਪੀ ਗੌਰਵ ਯਾਦਵ, ਮੁੱਖ ਮੰਤਰੀ ਦੇ ਡਾਇਰੈਕਟਰ ਮੀਡੀਆ ਬਲਤੇਜ ਸਿੰਘ ਪੰਨੂੰ, ਪੰਜਾਬ ਲੋਕ ਸੇਵਾ ਕਮਿਸ਼ਨ ਦੇ ਮੈਂਬਰ ਗੁਰਪ੍ਰਤਾਪ ਸਿੰਘ ਮਾਨ, ਸੁਪ੍ਰੀਤ ਘੁੰਮਣ ਤੇ ਹਰਮੋਹਨ ਕੌਰ ਸੰਧੂ, ਰਾਜ ਸੂਚਨਾ ਕਮਿਸ਼ਨਰ ਅਸਿਤ ਜੌਲੀ ਤੇ ਅੰਮ੍ਰਿਤ ਪ੍ਰਤਾਪ ਸਿੰਘ ਸੇਖੋਂ ਤੋਂ ਇਲਾਵਾ ਸਿਵਲ ਤੇ ਪੁਲਿਸ ਦੇ ਉੱਚ ਪ੍ਰਸ਼ਾਸਨਿਕ ਅਧਿਕਾਰੀ ਅਤੇ ਨਵ ਨਿਯੁਕਤ ਚੇਅਰਮੈਨ ਤੇ ਰਾਜ ਮੁੱਖ ਸੂਚਨਾ ਕਮਿਸ਼ਨਰ ਦੇ ਪਰਿਵਾਰਕ ਮੈਂਬਰ ਅਤੇ ਸ਼ੁਭਚਿੰਤਕ ਮੌਜੂਦ ਸਨ।

ਜ਼ਿਕਰਯੋਗ ਹੈ ਕਿ ਪੰਜਾਬ ਕਾਡਰ ਦੇ 1997 ਬੈਚ ਦੇ ਆਈ.ਪੀ.ਐਸ. ਅਧਿਕਾਰੀ ਸ੍ਰੀ ਜਤਿੰਦਰ ਸਿੰਘ ਔਲਖ ਪਿੰਡ ਬਰਗਾੜੀ (ਫਰੀਦਕੋਟ) ਦੇ ਜੰਮਪਲ ਹਨ। ਪੰਜਾਬ ਪੁਲਿਸ ਵਿੱਚ 33 ਸਾਲ ਸੇਵਾਵਾਂ ਨਿਭਾਉਣ ਤੋਂ ਬਾਅਦ ਏ.ਡੀ.ਜੀ.ਪੀ. ਦੇ ਰੈਂਕ ਉੱਤੇ ਇੰਟੈਲੀਜੈਂਸ ਚੀਫ਼ ਵਜੋਂ ਸੇਵਾਮੁਕਤ ਹੋਏ ਸਨ। ਸ੍ਰੀ ਔਲਖ ਨੇ ਪੀ.ਪੀ.ਐਸ. ਨਾਭਾ ਤੋਂ ਸਕੂਲੀ ਸਿੱਖਿਆ, ਡੀ.ਏ.ਵੀ. ਕਾਲਜ ਚੰਡੀਗੜ੍ਹ ਤੋਂ ਬੀ.ਏ. (ਆਨਰ-ਜ਼) ਅਤੇ ਪੰਜਾਬ ਯੂਨੀਵਰਸਿਟੀ ਤੋਂ ਐਲ.ਐਲ.ਬੀ. ਅਤੇ ਇਤਿਹਾਸ ਵਿਸ਼ੇ ਵਿੱਚ ਐਮ.ਏ. ਦੀ ਡਿਗਰੀ ਹਾਸਲ ਕੀਤੀ।

ਆਪਣੇ ਸੇਵਾ ਕਾਲ ਦੌਰਾਨ ਉਹ ਵੱਖ-ਵੱਖ ਜ਼ਿਲ੍ਹਿਆਂ ਐਸ.ਏ.ਐਸ. ਨਗਰ, ਸੰਗਰੂਰ, ਰੂਪਨਗਰ, ਜਗਰਾਉਂ, ਐਸ.ਬੀ.ਐਸ. ਨਗਰ, ਅਤੇ ਖੰਨਾ ਵਿਖੇ ਐਸ.ਐਸ.ਪੀ. ਵਜੋਂ ਤਾਇਨਾਤ ਰਹੇ। ਉਹ ਪੁਲਿਸ ਕਮਿਸ਼ਨਰ ਅੰਮ੍ਰਿਤਸਰ ਤੇ ਪੁਲਿਸ ਕਮਿਸ਼ਨਰ ਲੁਧਿਆਣਾ, ਆਈ.ਜੀ.ਪਟਿਆਲਾ ਤੇ ਫਿਰੋਜ਼ਪੁਰ ਰੇਂਜ, ਆਈ.ਜੀ. ਹੈੱਡਕੁਆਰਟਰ ਤੇ ਇੰਟੈਲੀਜੈਂਸ ਵਜੋਂ ਸੇਵਾ ਨਿਭਾਉਣ ਉਪਰੰਤ ਏ.ਡੀ.ਜੀ.ਪੀ. ਦੇ ਰੈਂਕ 'ਤੇ ਖੁਫ਼ੀਆ ਵਿੰਗ ਦੇ ਮੁਖੀ ਵਜੋਂ ਸੇਵਾ-ਮੁਕਤ ਹੋਏ ਸਨ।ਉਨ੍ਹਾਂ ਨੂੰ ਰਾਸ਼ਟਰੀ ਪੁਰਸਕਾਰ (ਵਿਸ਼ੇਸ਼), ਵਿਸ਼ੇਸ਼ ਸੇਵਾਵਾਂ ਲਈ ਪੁਲਿਸ ਮੈਡਲ, ਪੁਲਿਸ ਮੈਡਲ ਫਾਰ ਮੈਰੀਟੋਰੀਅਸ ਸਰਵਿਸਿਜ਼, ਮੁੱਖ ਮੰਤਰੀ ਮੈਡਲ ਅਤੇ ਤਿੰਨ ਵਾਰ ਡੀ.ਜੀ.ਪੀ. ਦੀ ਸ਼ਲਾਘਾ ਡਿਸਕ ਨਾਲ ਵੀ ਸਨਮਾਨਿਤ ਕੀਤਾ ਜਾ ਚੁੱਕਾ ਹੈ।

ਰਾਜ ਮੁੱਖ ਸੂਚਨਾ ਕਮਿਸ਼ਨਰ ਵਜੋਂ ਸਹੁੰ ਚੁੱਕਣ ਵਾਲੇ ਉੱਘੇ ਐਡਵੋਕੇਟ ਇੰਦਰਪਾਲ ਸਿੰਘ ਹੁਸ਼ਿਆਰਪੁਰ ਦੇ ਵਸਨੀਕ ਹਨ।ਇੰ-ਦਰਪਾਲ ਸਿੰਘ ਨੇ ਕਾਨੂੰਨੀ ਖੇਤਰ ਵਿੱਚ ਆਪਣੀ ਵੱਖਰੀ ਪਛਾਣ ਬਣਾਈ ਅਤੇ ਉਹ ਬ੍ਰਿਟਿਸ਼ ਹਾਈ ਕਮਿਸ਼ਨ ਲਈ ਸਟੈਂਡਿੰਗ ਕੌਂਸਲ, ਪੈਨਲ ਭਾਰਤੀ ਯੂਨੀਅਨ, ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਬਾਰ ਕੌਂਸਲ ਮੈਂਬਰ ਚੁਣੇ ਗਏ ਅਤੇ ਇਸ ਤੋਂ ਬਾਅਦ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੀ ਬਾਰ ਕੌਂਸਲ ਦੇ ਉਪ ਚੇਅਰਮੈਨ ਚੁਣੇ ਗਏ। ਉਨ੍ਹਾਂ ਨੂੰ 20 ਅਗਸਤ, 2022 ਨੂੰ ਪੰਜਾਬ ਦੇ ਸੀਨੀਅਰ ਐਡੀਸ਼ਨਲ ਐਡਵੋਕੇਟ ਜਨਰਲ ਵਜੋਂ ਨਿਯੁਕਤ ਕੀਤਾ ਗਿਆ ਸੀ।




ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.




## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013



For more info Call 905-793-2202 or e-mail ads@punjabipost.ca

**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com




## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁਟ 4", ਬੀ.ਏ ਪਾਸ, ਹੇਅਰ ਐਡ ਸਕਿੰਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜ਼ਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664



# ਵਿਕਦਾ ਜਾ ਰਿਹਾ ਹੈ ਪੰਜਾਬ

-ਗੁਰਮੀਤ ਸਿੰਘ ਪਲਾਹੀ-

ਪੰਜਾਬ 'ਚ ਇੱਕ ਮੰਗ ਉੱਠਣ ਲੱਗੀ ਹੈ ਕਿ ਪੰਜਾਬ ਵਿੱਚ ਵੀ ਇੱਕ ਕਾਨੂੰਨ ਬਨਣਾ ਚਾਹੀਦਾ ਹੈ ਕਿ ਕੋਈ ਵੀ ਬਾਹਰਲਾ ਵਿਅਕਤੀ (ਪੰਜਾਬੀਆਂ ਤੋਂ ਬਿਨ੍ਹਾਂ) ਪੰਜਾਬ ਵਿੱਚ ਜ਼ਮੀਨ ਜਾਂ ਜਾਇਦਾਦ ਨਹੀਂ ਖਰੀਦ ਸਕਦਾ। ਇਹ ਚਰਚਾ ਵੀ ਜੋਰ ਫੜ ਰਹੀ ਹੈ ਕਿ ਪੰਜਾਬ ਤੋਂ ਬਾਹਰਲੇ ਵਿਅਕਤੀ ਪੰਜਾਬ ਵਿੱਚ ਆਉਣ, ਕੋਈ ਕਿੱਤਾ ਕਰਨ, ਧੰਨ ਕਮਾਉਣ, ਪਰ ਜ਼ਮੀਨ-ਜਾਇਦਾਦ ਨਾ ਖਰੀਦਣ।

ਵਿਚਾਰ ਇਹ ਵੀ ਪਲਪ ਰਿਹਾ ਹੈ ਕਿ ਪੰਜਾਬ ਨੂੰ ਬਾਹਰਲੇ ਸੂਬਿਆਂ ਦੇ ਲੋਕਾਂ ਨੂੰ ਇਥੇ ਵਸਾਕੇ ਪੰਜਾਬ ਦੀ ਦਿੱਖ, ਪੰਜਾਬ ਦੀ ਬੋਲੀ, ਪੰਜਾਬ ਦਾ ਸਭਿਆਚਾਰ ਨੂੰ ਰੰਗੋਂ ਬੇਰੰਗ ਕੀਤਾ ਜਾ ਰਿਹਾ ਹੈ। ਪੰਜਾਬ ਨੂੰ ਹਥਿਆਇਆ ਜਾ ਰਿਹਾ ਹੈ। ਪੰਜਾਬ ਨੂੰ ਕਾਬੂ ਕਰਨ ਲਈ ਕੀਤੇ ਪਹਿਲੇ ਯਤਨ ਕਿਉਂਕਿ ਸਫ਼ਲ ਨਹੀਂ ਹੋ ਸਕੇ, ਇਸ ਕਰਕੇ ਨਿੱਤ ਨਵੇਂ ਹੱਥ ਕੰਡੇ ਅਪਨਾਕੇ ਪੰਜਾਬ ਨੂੰ ਆਪਣੇ ਪਾਲੇ 'ਚ ਲਿਆਉਣ ਦਾ ਯਤਨ ਹੋ ਰਿਹਾ ਹੈ।

ਇਸ ਵੇਲੇ ਭਾਰਤ 'ਚ ਬਹੁ-ਸਭਿਆਚਾਰੀ ਅਤੇ ਬਹੁ-ਕੌਮੀ ਸੰਸਕ੍ਰਿਤੀ ਹੈ। ਮੌਜੂਦਾ ਹਾਕਮਾਂ ਵਲੋਂ ਇਸਨੂੰ ਇੱਕ ਦੇਸ਼, ਇੱਕ ਰਾਸ਼ਟਰ 'ਚ ਤਬਦੀਲ ਕਰਨ ਦੇ ਯਤਨ ਹੋ ਰਹੇ ਹਨ। ਪੰਜਾਬ ਕੋਲ ਕੋਈ ਕੁਦਰਤੀ ਸਾਧਨ ਨਹੀਂ ਹੈ, ਬੰਦਰਗਾਹ ਨਹੀਂ ਹੈ, ਜੋ ਕਿ ਅੱਜ ਦੇ ਸਮੇਂ ਵਿੱਚ ਵਪਾਰ ਤੇ ਉਦਯੋਗੀਕਰਨ ਦੀ ਪਹਿਲੀ ਲੋੜ ਹੈ। ਲੋੜ ਤਾਂ ਇਸ ਗੱਲ ਦੀ ਸੀ ਕਿ ਪੰਜਾਬ ਵਿੱਚ ਚੰਗਾ ਮਾਹੌਲ ਸਥਾਪਿਤ ਕਰਨ ਲਈ ਅਤੇ ਆਰਥਿਕ ਮਜ਼ਬੂਤੀ ਲਈ ਗੁਆਂਢੀ ਦੇਸ਼ ਪਾਕਿਸਤਾਨ ਨਾਲ ਚੰਗਾ ਮਾਹੌਲ ਪੈਦਾ ਕਰਕੇ ਵਪਾਰ ਦੀ ਸਾਂਝ ਵਿਕਸਤ ਕੀਤੀ ਜਾਵੇ, ਪਰ 1947, ਫਿਰ 1965 ਦੀ ਜੰਗ, ਕਾਰਗਿਲ ਦੀ ਜੰਗ, ਜੋ ਦੇਸ਼ ਦੀਆਂ ਵੋਟਾਂ ਹਥਿਆਉਣ ਲਈ ਹਾਕਮਾਂ ਵਲੋਂ ਦੇਸ਼ ਤੇ ਮੜੀ ਗਈ, ਉਸਨੇ ਪੰਜਾਬ ਦਾ ਅਰਥਚਾਰਾ, ਪੰਜਾਬ ਦਾ ਸਮਾਜਿਕ ਤਾਣਾ-ਬਾਣਾ ਇੰਨਾ ਵਿਖਰਾਅ ਦਿੱਤਾ ਹੈ ਕਿ ਪੰਜਾਬ ਜਿਹੜਾ ਕਦੇ ਦੇਸ਼ ਦਾ ਮੋਹਰੀ ਸੂਬਾ ਸੀ, ਉਹ ਹੁਣ ਤਰੱਕੀ ਅਤੇ ਵਿਕਾਸ ਦੇ ਮਾਮਲਿਆਂ 'ਚ ਪਹਿਲੇ ਦਸਾਂ ਸੂਬਿਆਂ 'ਚ ਵੀ ਸ਼ਾਮਲ ਨਹੀਂ ਰਿਹਾ।

ਸਵਾਲ ਇਹ ਵੀ ਉੱਠ ਰਿਹਾ ਹੈ ਕਿ ਪੰਜਾਬ ਦੇ ਵਾਹੀ ਯੋਗ ਖੇਤ ਘਟਦੇ ਜਾ ਰਹੇ ਹਨ। ਪੰਜਾਬ ਦੇ ਹਰ ਪਾਸੇ, ਦੁਆਬੇ, ਮਾਲਵੇ, ਮਾਝੇ 'ਚ ਪੰਜਾਬ ਦੇ ਹਰ ਪਾਸੇ, ਵੱਡੀਆਂ, ਚੌੜੀਆਂ ਸੜਕਾਂ ਦਾ ਜਾਲ ਵਿਛਾਇਆ ਜਾ ਰਿਹਾ ਹੈ। ਖੇਤਾਂ ਦਾ ਸੀਨਾ ਵਿੰਨਿ-ਨਆ ਜਾ ਰਿਹਾ ਹੈ। ਰਾਸ਼ਟਰੀ, ਸੂਬਾ ਹਾਈਵੇ ਵਾਹੀਯੋਗ ਜ਼ਮੀਨ ਨੱਪ ਰਹੇ ਹਨ। ਇਸਦਾ ਫਾਇਦਾ ਕਿਸਨੂੰ ਹੋਵੇਗਾ? ਪੰਜਾਬ ਨੂੰ? ਖੇਤੀ ਅਧਾਰਤ ਸੂਬੇ 'ਚ ਕਿਸਾਨਾਂ ਦੀ ਗਿਣਤੀ ਅਤੇ ਖੇਤਾਂ ਦੀ ਗਿਣਤੀ ਨਿੱਤ-ਦਿਹਾੜੇ ਊਣੀ ਹੋ ਰਹੀ ਹੈ। ਇਹੋ ਜਿਹੇ 'ਚ ਪੰਜਾਬ ਕਿਵੇਂ ਜੀਵੇਗਾ ਕਿਵੇਂ ਬਚੇਗਾ?

ਇਹ ਸੱਚ ਹੈ ਕਿ ਪੰਜ ਦਰਿਆਵਾਂ ਦੀ ਧਰਤੀ, ਢਾਈ ਦਰਿਆਵਾਂ ਤੱਕ ਸੀਮਤ ਹੋ ਚੁੱਕੀ ਹੈ। ਖੇਤੀ ਲਈ ਧਰਤੀ ਹੇਠਲਾ ਪਾਣੀ ਵੱਧ ਵਰਤੇ ਜਾਣ ਕਾਰਨ, ਸੂਬੇ ਦੇ 135 ਬਲਾਕਾਂ ਵਿਚੋਂ 127 ਬਲਾਕਾਂ 'ਚ ਪਾਣੀ ਹਰ ਵਰ੍ਹੇ ਨੀਵਾਂ ਉਤਰਨ ਕਾਰਨ, ਧਰਤੀ ਹੇਠੋਂ ਪਾਣੀ ਮੁੱਕਣ ਦੀ ਚਿਤਾਵਨੀ ਮਿਲ ਰਹੀ ਹੈ। ਇਹੋ ਜਿਹੀ ਸਥਿਤੀ 'ਚ ਜ਼ਰਖੇਜ਼ ਪੰਜਾਬ ਦੀ ਧਰਤੀ ਕੀ ਮਾਰੂਥਲ ਨਹੀਂ ਬਣ ਜਾਏਗੀ? ਬਿਲਕੁਲ ਇਹੋ ਜਿਹੇ ਸੰਕੇਤ ਪੰਜਾਬ ਦੀ ਆਬਾਦੀ 'ਚੋਂ ਨਿਕਾਸ ਹੋਣ ਅਤੇ ਨੌਜਵਾਨਾਂ ਦੇ ਪ੍ਰਵਾਸ ਦੇ ਮਿਲ ਰਹੇ ਹਨ। ਇਹ ਪ੍ਰਵਾਸ "ਮਨ ਭਾਉਂਦਾ" ਨਹੀਂ ਮਜ਼ਬੂਰੀ ਵੱਸ ਪ੍ਰਵਾਸ ਹੈ। ਸੂਬੇ 'ਚ ਨੌਕਰੀ ਨਹੀਂ, ਸੂਬੇ 'ਚ ਚੈਨ ਨਹੀਂ, ਸੂਬੇ 'ਚ ਸ਼ਾਂਤੀ ਨਹੀਂ, ਸੂਬੇ 'ਚ ਮਾਪਿਆਂ ਦੀ ਬੇਚੈਨੀ ਹੈ, ਨਸ਼ਾ ਅੰਤਾਂ ਦੇ ਪੈਰ ਪਸਾਰ ਬੈਠਾ ਹੈ, ਮਾਪੇ, ਆਪਣੇ ਖੇਤ, ਲਾਡਲੇ ਪੁੱਤਾਂ, ਧੀਆਂ ਖਾਤਰ ਵੇਚਣ ਲਈ ਮਜ਼ਬੂਰ ਹੋਏ ਪਏ ਹਨ। ਲੱਖਾਂ ਦਾ ਕਰਜ਼ਾ ਲੈਕੇ ਅਣਦਿਸਦੇ ਰਾਹਾਂ ਉਤੇ ਬੱਚਿਆਂ ਨੂੰ ਤੋਰਨ ਲਈ ਉਹ ਮਜ਼ਬੂਰ ਹਨ।

ਪੰਜਾਬ ਦੇ ਪਿੰਡਾਂ ਦਾ ਦ੍ਰਿਸ਼ ਵੇਖੋ। ਘਰਾਂ ਦੇ ਘਰ ਖਾਲੀ ਪਏ ਹਨ। ਮਕਾਨਾਂ ਨੂੰ ਜਿੰਦਰੇ ਲੱਗੇ ਹੋਏ ਹਨ। ਆਲੀਸ਼ਾਨ ਕੋਠੀਆਂ ਕਿਸੇ ਦੂਸਰੇ, ਅਜ਼ਨਬੀ ਦੇ ਹਵਾਲੇ ਕੀਤੀਆਂ ਪਈਆਂ ਹਨ। ਜ਼ਮੀਨਾਂ, ਕਿਰਾਏ 'ਤੇ ਚੜ੍ਹਾਕੇ, ਪੰਜਾਬ ਦੇ ਵਾਸੀ, ਖੇਤਾਂ ਦੇ ਮਾਲਕ ਆਪ ਕਿਰਤ ਕਰਦੇ ਵਿਦੇਸ਼ਾਂ 'ਚ ਬੈਠੇ ਹਨ। ਦੇਰ-ਸਵੇਰ ਉਹਨਾ ਦੇ ਮੁੜ ਪਰਤਣ ਦੀ ਉਮੀਦ ਬਹੁਤੀ ਨਹੀਂ, ਉਹਨਾ ਦੀ ਔਲਾਦ ਤਾਂ ਪੰਜਾਬ ਵੱਲ ਵੇਖਣ ਲਈ ਵੀ ਤਿਆਰ ਨਹੀਂ।

ਇਹੋ ਜਿਹੀਆਂ ਹਾਲਤਾਂ ਵਿੱਚ ਸੂਬੇ ਪੰਜਾਬ ਦੇ ਹਾਲਾਤ ਕਿਹੋ ਜਿਹੇ ਹਨ। ਸੂਬੇ ਦਾ ਹਰ ਵਿਅਕਤੀ ਕਰਜ਼ਾਈ ਹੈ। ਕਿਸੇ ਨੇ ਆੜ੍ਹਤੀਆਂ ਤੋਂ, ਕਿਸੇ ਨੇ ਬੈਂਕਾਂ ਤੋਂ ਲਿਮਟ ਬਣਾਕੇ ਕਰਜ਼ਾ ਲਿਆ ਹੋਇਆ ਹੈ ਅਤੇ ਕਰਜ਼ਾ ਲੈ ਕੇ ਖੇਤੀ ਕਰਨ ਲਈ ਕਿਸਾਨ ਮਜ਼ਬੂਰ ਹਨ। ਨਰੇਗਾ ਕਾਮਿਆਂ ਨੂੰ ਸਾਲ 'ਚ ਮਸਾਂ 100 ਦਿਨ ਦਾ ਰੁਜ਼ਗਾਰ ਮਿਲਦਾ ਹੈ। ਖੇਤ ਮਜ਼ਦੂਰ ਲੰਮਾ ਸਮਾਂ ਕਿਸਾਨਾਂ ਦੇ ਨਾਲ-ਨਾਲ ਵਿਹਲੇ ਰਹਿੰਦੇ ਹਨ। ਕਰਜ਼ਦਾਰ ਹਨ। ਸਿਤਮ ਦੀ ਗੱਲ ਵੇਖੋ ਕਿ ਪੂਰੇ ਦੇਸ਼ ਦਾ ਅੰਨ ਭੰਡਾਰ ਭਰਨ ਵਾਲੇ ਪੰਜਾਬ ਦੀ 50 ਫੀਸਦੀ ਆਬਾਦੀ ਮੁਫ਼ਤ ਰਾਸ਼ਨ ਲੈਣ ਲਈ ਮਜ਼ਬੂਰ ਹੈ। ਸੂਬੇ ਸਿਰ ਇਸ ਵੇਲੇ 3.27 ਲੱਖ ਕਰੋੜ ਰੁਪਏ ਦਾ ਕਰਜ਼ਾ ਹੈ। ਜਦੋਂ ਸੂਬਾ ਸਰਕਾਰ ਕੋਲ ਆਮਦਨ ਦੇ ਲੋੜੀਂਦੇ ਸਾਧਨ ਹੀ ਨਹੀਂ, ਭ੍ਰਿਸ਼ਟਾਚਾਰ ਦਾ ਬੋਲਬਾਲਾ ਹੈ, ਗੈਂਗਸਟਰ ਤੇ ਮਾਫੀਆ ਸੂਬੇ 'ਚ ਆਮ ਹੈ ਤਾਂ ਫਿਰ ਲੋਕਾਂ ਦਾ ਆਮ ਜੀਵਨ ਕਿਵੇਂ ਸੁਖਾਵਾਂ ਹੋਏਗਾ?

ਹਰ ਸੂਬੇ ਜਾਂ ਦੇਸ਼ ਦੇ ਵਿਕਾਸ ਲਈ ਉਥੇ ਸਿੱਖਿਆ ਅਤੇ ਸਿਹਤ ਸੇਵਾਵਾਂ ਚੰਗੀਆਂ ਹੋਣੀਆਂ ਲੋੜੀਂਦੀਆਂ ਹਨ। ਪੰਜਾਬ 'ਚ ਨਿੱਤ ਨਵੇਂ ਪ੍ਰਾਜੈਕਟ ਆ ਰਹੇ ਹਨ। 2024-25 ਦੇ ਸੈਸ਼ਨ 'ਚ ਸਰਕਾਰ ਵੋਕੇਸ਼ਨਲ ਐਜੂਕੇਸ਼ਨ ਦੇ ਨਾਅ ਉਤੇ 40 ਸਕੂਲਾਂ 'ਚ ਪਾਇਲਟ ਪ੍ਰਾਜੈਕਟ ਲਿਆ ਰਹੀ ਹੈ। ਤਾਂ ਕਿ ਹੱਥੀਂ ਕਿੱਤਾ ਸਿਖਾਕੇ ਵਿਦਿਆਰਥੀ ਰੁਜ਼ਗਾਰਤ ਹੋ ਸਕਣ। ਪਰ ਪੰਜਾਬ ਦੇ ਸਿੱਖਿਆ ਪ੍ਰਬੰਧ ਤੇ ਹਾਲਾਤ ਬਾਰੇ ਇੱਕ ਰਿਪੋਰਟ ਛਪੀ ਹੈ, ਜਿਸ ਵਿੱਚ ਪੰਜਾਬ ਦੇ 11000 ਬੱਚਿਆਂ ਦਾ ਮੁਲਾਂਕਣ ਕੀਤਾ ਗਿਆ। ਇਹਨਾ ਸਰਕਾਰੀ ਸਕੂਲਾਂ 'ਚ ਪੜ੍ਹਨ ਵਾਲੇ ਬੱਚਿਆਂ 'ਚੋਂ 39 ਫੀਸਦੀ ਹੀ ਪੰਜਾਬੀ 'ਚ ਲਿਖੀ ਕਹਾਣੀ ਪੜ੍ਹ ਪਾਉਂਦੇ ਹਨ। 4 ਫੀਸਦੀ ਨੂੰ ਅੱਖਰਾਂ ਦੀ ਪਹਿਚਾਣ ਨਹੀਂ। ਦੋ ਫੀਸਦੀ ਬੱਚੇ ਗਣਿਤ ਦੇ ਬਾਰੇ ਹੀ ਨਹੀਂ ਜਾਣਦੇ। ਇਸ ਤੋਂ ਵੀ ਹੈਰਾਨੀ ਦੀ ਗੱਲ ਇਹ ਹੈ ਕਿ ਪੰਜਾਬ 'ਚ 13 ਫੀਸਦੀ ਸਕੂਲ ਇਹੋ ਜਿਹੇ ਹਨ ਜਿਥੇ ਪ੍ਰਾਇਮਰੀ ਸਕੂਲ 'ਚ ਪੜ੍ਹਨ ਵਾਲੇ ਪਹਿਲੀ ਤੋਂ ਪੰਜਵੀਂ ਜਮਾਤ ਦੇ ਬੱਚਿਆਂ ਲਈ ਇੱਕ ਅਧਿਆਪਕ ਹੈ। ਇਹ ਸਥਿਤੀ ਕੀ "ਤਰੱਕੀ ਕਰ ਚੁੱਕੇ" ਪੰਜਾਬ ਦੀ ਸਥਿਤੀ ਨਹੀਂ ਬਿਆਨਦੀ?

ਅਸਲ 'ਚ ਪੰਜਾਬ ਨੂੰ ਸਿਰਫ ਆਰਥਿਕ ਮਰੋੜਾ ਹੀ ਨਹੀਂ ਚਾੜ੍ਹਿਆ ਗਿਆ, ਇਸਦੇ ਵਸ਼ਿੰਦਿਆਂ ਦੀ ਸਿਹਤ ਨਾਲ ਖਿਲਵਾੜ ਕਰਨ ਲਈ ਨਸ਼ਿਆਂ ਦੇ ਦਰਿਆ ਵਹਾਅ ਦਿੱਤੇ ਗਏ। ਸਿੱਖਿਆ ਤੋਂ ਵਿਰਵੇ ਰੱਖਣ ਲਈ ਸਕੂਲਾਂ 'ਚ ਲੋੜੀਂਦੀਆਂ ਬੁਨਿਆਦੀ ਸਹੂਲਤਾਂ ਵੀ ਮੁਹੱਈਆ ਨਹੀਂ ਹੋਈਆਂ। ਸਿੱਟਾ ਨੌਜਵਾਨਾਂ 'ਚ ਵਧ ਰਹੀ ਸਿਹਤ ਤੇ ਸਿੱਖਿਆ ਪੱਖੋ ਘਾਟ ਸੂਬੇ ਦੇ ਨਿਘਰ ਦਾ ਕਾਰਨ ਬਣਦੀ ਗਈ ਹੈ।

ਜ਼ਰਾ ਸੋਚੋ, ਜਦੋਂ ਪੰਜਾਬ ਆਰਥਿਕ ਤੌਰ 'ਤੇ ਕੰਮਜ਼ੋਰ ਹੋ ਰਿਹਾ ਹੈ। ਕਰਜ਼ੇ ਨਾਲ ਪਰੁੰਨਿਆ ਗਿਆ ਹੈ। ਪ੍ਰਵਾਸ ਦੇ ਰਸਤੇ ਪਾ ਦਿੱਤਾ ਗਿਆ ਹੈ ਤੇ ਇਥੋਂ ਦੇ ਵਸ਼ਿੰਦਿਆਂ ਦੀ ਜ਼ਮੀਨ ਬੈਂਕਾਂ ਦੀਆਂ ਲਿਮਟਾਂ ਦੇ ਹਵਾਲੇ ਪਈ ਹੈ ਤਾਂ ਦੇਰ ਨਹੀਂ ਤਾਂ ਸਵੇਰ ਕੀ ਇਹ ਹਥਿਆ ਨਹੀਂ ਲਈ ਜਾਏਗੀ?

ਇਸ ਸਥਿਤੀ ਤੇ ਕਾਬੂ ਪਾਉਣ ਲਈ ਖੇਤੀ ਅਧਾਰਤ ਫੂਡ ਪ੍ਰੋਸੈਸਿੰਗ ਛੋਟੇ ਉਦਯੋਗ, ਲਘੂ ਉਦਯੋਗ ਲਾਉਣ ਦੀ ਲੋੜ ਸੀ। ਪਰ ਪੰਜਾਬ ਦੇ ਸਿਆਸਤਦਾਨਾਂ, ਨੀਤੀਵਾਨਾਂ ਨੂੰ ਤਾਂ ਆਪਣੀ ਕੁਰਸੀ ਬਚਾਉਣ ਅਤੇ ਕੁਰਸੀ ਖੋਹਣ ਤੋਂ ਹੀ ਵਿਹਲ ਨਹੀਂ ਮਿਲੀ। ਕਿੰਨੇ ਕੁ ਨੇਤਾ ਨੇ, ਪੰਜਾਬ 'ਚ , ਜਿਹੜੇ ਸਿਰਫ਼ ਪੰਜਾਬ ਦੇ ਭਲੇ ਹਿੱਤ, ਵਿਕਦੇ ਜਾ ਰਹੇ ਕਰਜ਼ਾਈ ਪੰਜਾਬ ਨੂੰ, ਥਾਂ ਸਿਰ ਕਰਨ ਲਈ ਫਿਕਰਮੰਦ ਹਨ। ਪੰਜਾਬ ਹਿਤੈਸ਼ੀ ਕਿੰਨੇ ਕੁ ਬੁਧੀਜੀਵੀ ਹਨ, ਲੇਖਕ ਹਨ, ਚਿੰਤਕ ਹਨ, ਸਮਾਜੀ ਕਾਰਕੁੰਨ ਹਨ ਜਿਹੜੇ ਤਿਲ-ਤਿਲ ਮਰਦੇ ਜਾ ਰਹੇ, ਪੰਜਾਬ ਨੂੰ ਥਾਂ ਸਿਰ ਕਰਨ ਲਈ ਤਤਪਰ ਹਨ ਜਾਂ ਅੱਗੇ ਆ ਰਹੇ ਹਨ। ਮਾਯੂਸੀ ਹੁੰਦੀ ਹੈ ਉਦੋਂ ਜਦੋਂ ਕੋਈ ਪੰਜਾਬ 'ਚ ਹਾਅ ਦਾ ਨਾਹਰਾ ਜੇਕਰ ਕੋਈ ਮਾਰਦਾ ਹੈ, ਪਰ ਦੂਜੇ ਉਸਨੂੰ ਸਹੀ ਸਮਝਦਿਆਂ ਵੀ ਇੱਕ ਪਲੇਟਫਾਰਮ ਤੇ ਇਕੱਠੇ ਨਹੀਂ ਹੋ ਰਹੇ।

ਅੱਜ ਦਸ ਖੇਤਾਂ ਦਾ ਮਾਲਕ ਵੀ ਪੰਜਾਬ 'ਚ ਕੰਗਾਲ ਹੈ। ਅੱਜ ਮਜ਼ਦੂਰ ਵੀ ਸਹੀ ਉਜਰਤ ਪ੍ਰਾਪਤ ਨਹੀਂ ਕਰਦਾ। ਅੱਜ ਪੰਜਾਬ ਦੇ ਮੱਧ ਵਰਗੀ ਪਰਿਵਾਰ ਵੀ ਕਰਜ਼ੇ ਹੇਠ ਜੀਊ ਰਹੇ ਹਨ। ਅੰਕੜੇ ਵੱਡੇ ਹਨ।

ਸਰਕਾਰੀ ਅੰਕੜੇ ਤਾਂ ਕਹਿੰਦੇ ਹਨ ਕਿ ਪੰਜਾਬ ਦਾ ਕਿਸਾਨ ਮੁਫ਼ਤ ਬਿਜਲੀ ਲੈ ਰਿਹਾ ਹੈ। ਸਬਸਿਡੀ ਲੈ ਰਿਹਾ ਹੈ ਖਾਦਾਂ ਤੇ ਬੀਜਾਂ 'ਤੇ। ਅਤੇ ਖੁਸ਼ਹਾਲ ਹੈ। ਤਾਂ ਫਿਰ ਉਹ ਸ਼ਤੀਰਾਂ ਨੂੰ ਜੱਫੇ ਕਿਉਂ ਪਾ ਰਿਹਾ। ਸੂਬੇ ਦੇ 90 ਫੀਸਦੀ ਛੋਟੇ ਕਿਸਾਨ ਕਰਜ਼ਾਈ ਹਨ।

ਬੇਰੁਜ਼ਗਾਰੀ ਦੇ ਸਤਾਏ, ਮੱਧ ਵਰਗੀ ਲੋਕ ਪ੍ਰੇਸ਼ਾਨ ਹਨ। ਉਨੀ ਆਮਦਨ ਨਹੀਂ, ਜਿੰਨਾ ਖ਼ਰਚ ਹੈ। ਤੰਗੀਆਂ ਤੁਰਸ਼ੀਆਂ ਕਾਰਨ, ਹੋਰ ਕੁਝ ਸੋਚਣ ਤੋਂ ਬਿਨ੍ਹਾਂ ਬੱਸ ਰੋਟੀ ਟੁੱਕ ਦੇ ਜੁਗਾੜ 'ਚ ਹਨ।

ਪੰਜਾਬ ਖੁਰ ਰਿਹਾ ਹੈ। ਨੈਤਿਕ ਤੌਰ 'ਤੇ ਕੰਮਜ਼ੋਰ ਹੋ ਰਿਹਾ ਹੈ। ਪੰਜਾਬ ਦਾ ਬਰੇਨ, ਪ੍ਰਵਾਸ ਕਾਰਨ ਡਰੇਨ ਹੋ ਰਿਹਾ ਹੈ। ਆਉਣ ਵਾਲੇ ਸਮੇਂ 'ਚ ਖੇਤੀ ਪੰਜਾਬ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਨਹੀਂ ਰਹੇਗੀ। ਪਾਣੀ ਨਹੀਂ ਹੋਵੇਗਾ ਤਾਂ ਖੇਤੀ ਕਿਥੋਂ ਹੋਵੇਗੀ? ਪੰਜਾਬ ਦੀ 75 ਫੀਸਦੀ ਆਬਾਦੀ ਖੇਤੀ ਅਧਾਰਤ ਹੈ। ਸੂਬਾ ਪੰਜਾਬ ਦੇਸ਼ ਦੀਆਂ 35 ਤੋਂ 40 ਫੀਸਦੀ ਚਾਵਲ ਦੀਆਂ ਲੋੜਾਂ ਅਤੇ 40 ਤੋਂ 75 ਫੀਸਦੀ ਕਣਕ ਦੀਆਂ ਲੋੜਾਂ ਪਿਛਲੇ ਦੋ ਦਹਾਕਿਆਂ ਤੋਂ ਵੀ ਵਧ ਸਮੇਂ ਤੋਂ ਪੂਰਿਆ ਕਰ ਰਿਹਾ ਹੈ। ਸੂਬੇ 'ਚ 10.54 ਲੱਖ ਕਿਸਾਨ ਹਨ। ਜਿਹਨਾ ਵਿਚੋਂ ਬਹੁਤੇ ਛੋਟੇ ਕਿਸਾਨ ਹਨ। ਪਿਛਲੇ ਕੁਝ ਸਮੇਂ 'ਚ ਕਿਸਾਨ ਜ਼ਮੀਨਾਂ ਵੇਚਕੇ ਮਜ਼ਦੂਰੀ ਕਰਨ ਦੇ ਰਾਹ ਪਏ ਹਨ, ਕਿਉਂਕਿ ਖੇਤੀ ਉਹਨਾ ਨੂੰ ਰੋਟੀ ਨਹੀਂ ਦੇ ਸਕੀ।

ਅੱਜ ਪੰਜਾਬ ਦੀ ਜ਼ਮੀਨ ਵਿਕ ਰਹੀ ਹੈ ਕਦੇ ਸਾਡੇ ਗੁਆਂਢੀ ਰਾਜ ਹਿਮਾਚਲ ਪ੍ਰਦੇਸ਼ ਦੇ ਤਤਕਾਲੀ ਮੁਖ ਮੰਤਰੀ ਵਾਈ ਐਸ ਪਰਮਾਰ ਨੇ ਆਪਣੇ ਸੂਬੇ ਦੇ ਬਾਗਬਾਨੀ ਕਰਨ ਵਾਲੇ ਕਿਸਾਨਾਂ ਦੇ ਹਿੱਤਾਂ ਲਈ ਸੂਬੇ ਵਿੱਚ ਹਿਮਾਚਲ ਵਾਸੀਆਂ ਤੋਂ ਬਿਨ੍ਹਾਂ ਕਿਸੇ ਹੋਰ ਵਲੋਂ ਖੇਤੀ, ਬਾਗਬਾਨੀ ਜ਼ਮੀਨ ਨਾ ਖਰੀਦੇ ਜਾਣ ਲਈ ਇਕ ਕਾਨੂੰਨ ਬਣਾ ਦਿੱਤਾ ਸੀ। ਇਸੇ ਕਰਕੇ ਬਾਹਰਲਾ ਕੋਈ ਧਨਾਢ ਸੂਬੇ ਦੀ ਜ਼ਮੀਨ ਤੇ ਉਥੋਂ ਦੀ ਆਰਥਿਕਤਾ ਹਥਿਆ ਨਹੀਂ ਸੀ ਸਕਿਆ। ਇਸੇ ਤਰ੍ਹਾਂ ਭਾਰਤ ਦੇ ਸੂਬੇ ਸਿਕਮ, ਵਿੱਚ ਕੋਈ ਵੀ ਬਾਹਰਲਾ ਵਿਅਕਤੀ ਕੋਈ ਵੀ ਜ਼ਮੀਨ ਜਾਂ ਜਾਇਦਾਦ ਨਹੀਂ ਖਰੀਦ ਸਕਦਾ। ਸੰਵਿਧਾਨ ਦੀ ਧਾਰਾ 371 (ਐਫ) ਅਨੁਸਾਰ ਹਿਮਾਲਿਅਨ ਰਾਜ ਸਿਕਮ ਵਿੱਚ ਸਿਰਫ ਰਾਜ ਦੇ ਕਬੀਲਿਆਂ ਦੇ ਲੋਕਾਂ ਨੂੰ ਹੀ ਇਸ ਖੇਤਰ ਵਿੱਚ ਜ਼ਮੀਨ ਜਾਂ ਜਾਇਦਾਦ ਦੀ ਖਰੀਦੋ-ਫਰੋਖ਼ਤ ਕਰਨ ਦੇ ਅਧਿਕਾਰ ਪ੍ਰਾਪਤ ਹਨ। ਝਾਰਖੰਡ, ਨਾਗਾਲੈਂਡ, ਉਤਰਾਖੰਡ ਵੀ ਇਹੋ ਜਿਹੇ ਸੂਬੇ ਹਨ, ਜਿਥੇ ਖੇਤੀਬਾੜੀ ਜਾਂ ਹੋਰ ਜਾਇਦਾਦ ਬਾਹਰਲੇ ਲੋਕ ਨਹੀਂ ਖਰੀਦ ਸਕਦੇ।

ਪੰਜਾਬ ਦੀ ਆਰਥਿਕਤਾ ਦੀ ਰੂਹ ਖੇਤੀ ਹੈ। ਪੰਜਾਬੀ ਕਿਸਾਨ ਉੱਦਮੀ ਹੀ ਸੂਬੇ ਨੂੰ ਕੰਗਾਲ ਹੋਣੋ ਬਚਾਅ ਸਕਦੇ ਹਨ। ਪੰਜਾਬ ਦੀ ਆਰਥਿਕਤਾ ਥਾਂ ਸਿਰ ਕਰਨ ਲਈ ਇਹ ਜ਼ਰੂਰੀ ਹੈ ਕਿ ਸੂਬੇ 'ਚ ਵੱਡੇ ਸ਼ਾਹੂਕਾਰਾਂ ਦੀ ਆਮਦ ਰੋਕੀ ਜਾਵੇ। ਪੰਜਾਬ ਦੇ ਕਿਸਾਨਾਂ ਨੇ ਪਹਿਲਕਦਮੀ ਕਰਕੇ ਕਾਲੇ ਕਾਨੂੰਨ ਵਾਪਿਸ ਕਰਵਾਏ । ਇਹ ਇਕ ਸ਼ੁਭ ਸ਼ਗਨ ਹੈ। ਪੰਜਾਬ 'ਚ ਖੇਤੀ ਜ਼ਮੀਨ ਬਾਹਰਲਿਆਂ ਹੱਥ ਜਾਣੋ ਰੋਕਣ ਲਈ ਕਾਨੂੰਨ ਪਾਸ ਕੀਤਾ ਜਾਣਾ, ਸੋਚਿਆ ਜਾਣਾ ਚਾਹੀਦਾ ਹੈ।

## 21ਵੀਂ ਸਦੀ ਵਿੱਚ ਗਣਿਤ ਦੀ ਸਿੱਖਿਆ

-ਵਿਜੇ ਗਰਗ-

21ਵੀਂ ਸਦੀ ਵਿੱਚ ਗਣਿਤ ਦੀ ਸਿੱਖਿਆ ਨੂੰ ਵਿਦਿਆਰਥੀਆਂ ਦੀਆਂ ਵਿਕਸਤ ਹੋ ਰਹੀਆਂ ਲੋੜਾਂ ਅਤੇ ਡਿਜੀਟਲ ਯੁੱਗ ਨੂੰ ਪੂਰਾ ਕਰਨ ਲਈ ਆਧੁਨਿਕ ਬਣਾਉਣ ਦੀ ਲੋੜ ਹੈ। ਗਣਿਤ ਦੀ ਸਿੱਖਿਆ ਨੂੰ ਆਧੁਨਿਕ ਬਣਾਉਣ ਲਈ ਇੱਥੇ ਕੁਝ ਮੁੱਖ ਪਹੁੰਚ ਹਨ:

1. ਅਸਲ-ਸੰਸਾਰ ਦੀਆਂ ਐਪਲੀਕੇਸ਼ਨਾਂ ਨੂੰ ਸ਼ਾਮਲ ਕਰੋ: ਵਿਦਿਆਰਥੀਆਂ ਨੂੰ ਸ਼ਾਮਲ ਕਰਨ ਲਈ ਰੋਜ਼ਾਨਾ ਜੀਵਨ ਵਿੱਚ ਗਣਿਤ ਦੀ ਵਿਹਾਰਕ ਵਰਤੋਂ 'ਤੇ ਜ਼ੋਰ ਦਿਓ ਅਤੇ ਉਨ੍ਹਾਂ ਨੂੰ 21ਵੀਂ ਸਦੀ ਵਿੱਚ ਗਣਿਤ ਦੀਆਂ ਧਾਰਨਾਵਾਂ ਦੀ ਸਾਰਥਕਤਾ ਵਿੱਚ ਗਣਿਤ ਦੀ ਸਿੱਖਿਆ ਦਿਖਾਓ। ਸਮੱਸਿਆ-ਹੱਲ ਕਰਨ ਵਾਲੇ ਦ੍ਰਿਸ਼ ਪੇਸ਼ ਕਰੋ ਜੋ ਗੰਭੀਰ ਸੋਚ ਦੇ ਹੁਨਰ ਨੂੰ ਵਿਕਸਤ ਕਰਨ ਲਈ ਅਸਲ-ਜੀਵਨ ਦੀਆਂ ਸਥਿਤੀਆਂ ਨੂੰ ਦਰਸਾਉਂਦੇ ਹਨ।
2. ਇੱਕ ਸਾਧਨ ਵਜੋਂ ਤਕਨਾਲੋਜੀ ਦੀ ਵਰਤੋਂ ਕਰੋ: ਅਧਿਆਪਨ ਅਤੇ ਸਿੱਖਣ ਨੂੰ ਵਧਾਉਣ ਲਈ ਤਕਨਾਲੋਜੀ ਦਾ ਲਾਭ ਉਠਾਓ। ਇੰਟਰਐਕਟਿਵ ਐਪਸ, ਔਨਲਾਈਨ ਪਲੇਟਫਾਰਮ, ਅਤੇ ਗਣਿਤਿਕ ਸੌਫਟਵੇਅਰ ਗਣਿਤਿਕ ਸੰਕਲਪਾਂ ਦੇ ਵਿਜ਼ੂਅਲਾਈਜ਼ੇਸ਼ਨ, ਪ੍ਰਯੋਗ ਅਤੇ ਸਿਮੂਲੇਸ਼ਨ ਦੀ ਸਹੂਲਤ ਦੇ ਸਕਦੇ ਹਨ। ਇਹ ਵਿਦਿਆਰਥੀਆਂ ਨੂੰ ਗੁੰਝਲਦਾਰ ਵਿਚਾਰਾਂ ਨੂੰ ਸਮਝਣ ਵਿੱਚ ਮਦਦ ਕਰਦਾ ਹੈ ਅਤੇ ਖੋਜ ਅਤੇ ਖੋਜ ਨੂੰ ਉਤਸ਼ਾਹਿਤ ਕਰਦਾ ਹੈ।
3. ਸਹਿਯੋਗੀ ਸਿੱਖਿਆ ਨੂੰ ਉਤਸ਼ਾਹਿਤ ਕਰੋ: ਗਣਿਤ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਵਿਦਿਆਰਥੀਆਂ ਵਿਚਕਾਰ ਸਹਿਯੋਗ ਨੂੰ ਉਤਸ਼ਾਹਿਤ ਕਰੋ। ਸਮੂਹ ਕੰਮ, ਵਿਚਾਰ-ਵਟਾਂਦਰੇ ਅਤੇ ਪ੍ਰੋਜੈਕਟਾਂ ਨੂੰ ਸ਼ਾਮਲ ਕਰੋ ਜੋ ਟੀਮ ਵਰਕ, ਸੰਚਾਰ, ਅਤੇ ਸਮੱਸਿਆ-ਹੱਲ ਕਰਨ ਦੇ ਹੁਨਰ ਨੂੰ ਉਤਸ਼ਾਹਿਤ ਕਰਦੇ ਹਨ। ਇਹ ਆਧੁਨਿਕ ਕਾਰਜ ਸਥਾਨ ਵਿੱਚ ਸਹਿਯੋਗ ਦੀ ਮਹੱਤਤਾ ਨੂੰ ਦਰਸਾਉਂਦਾ ਹੈ।
4. ਕੰਪਿਊਟੇਸ਼ਨਲ ਸੋਚ ਵਿਕਸਿਤ ਕਰੋ: ਵਿਦਿਆਰਥੀਆਂ ਨੂੰ ਗਣਨਾਤਮਕ ਤੌਰ 'ਤੇ ਸੋਚਣਾ ਸਿਖਾਓ, ਸਮੱਸਿਆ ਦੇ ਵਿਘਨ, ਪੈਟਰਨ ਦੀ ਪਛਾਣ, ਅਤੇ ਅਲਗੋਰਿਦਮਿਕ ਸੋਚ 'ਤੇ ਜ਼ੋਰ ਦਿਓ। ਇਹ ਉਹਨਾਂ ਨੂੰ ਭਵਿੱਖ ਦੇ ਕਰੀਅਰ ਲਈ ਤਿਆਰ ਕਰਦਾ ਹੈ ਜਿਸ ਲਈ ਕੋਡਿੰਗ, ਡੇਟਾ ਵਿਸ਼ਲੇਸ਼ਣ, ਅਤੇ ਸਮੱਸਿਆ ਹੱਲ ਕਰਨ ਵਿੱਚ ਹੁਨਰ ਦੀ ਲੋੜ ਹੁੰਦੀ ਹੈ।
5. ਇੱਕ ਵਿਕਾਸ ਮਾਨਸਿਕਤਾ ਨੂੰ ਉਤਸ਼ਾਹਿਤ ਕਰੋ: ਇੱਕ ਵਿਕਾਸ ਮਾਨਸਿਕਤਾ ਨੂੰ ਉਤਸ਼ਾਹਿਤ ਕਰੋ ਜਿੱਥੇ ਵਿਦਿਆਰਥੀ ਆਪਣੇ ਗਣਿਤ ਦੇ ਹੁਨਰਾਂ ਨੂੰ ਸਿੱਖਣ ਅਤੇ ਸੁਧਾਰਨ ਦੀ ਯੋਗਤਾ ਵਿੱਚ ਵਿਸ਼ਵਾਸ ਕਰਦੇ ਹਨ। ਲਗਨ, ਲਚਕੀਲੇਪਣ ਅਤੇ ਇਸ ਸਮਝ ਨੂੰ ਉਤਸ਼ਾਹਿਤ ਕਰੋ ਕਿ ਗਲਤੀਆਂ ਸਿੱਖਣ ਅਤੇ ਵਿਕਾਸ ਦੇ ਮੌਕੇ ਹਨ।
6. ਸਿੱਖਣ ਨੂੰ ਵਿਅਕਤੀਗਤ ਬਣਾਓ: ਵਿਅਕਤੀਗਤ ਵਿਦਿਆਰਥੀਆਂ ਦੀਆਂ ਲੋੜਾਂ ਅਤੇ ਸਿੱਖਣ ਦੀਆਂ ਸ਼ੈਲੀਆਂ ਨੂੰ ਪੂਰਾ ਕਰਨ ਲਈ ਗਣਿਤ ਦੀ ਸਿੱਖਿਆ ਨੂੰ ਤਿਆਰ ਕਰੋ। ਅਨੁਕੂਲਿਤ ਸਿਖਲਾਈ ਪਲੇਟਫਾਰਮਾਂ ਦੀ ਵਰਤੋਂ ਕਰੋ ਜੋ ਵਿਅਕਤੀਗਤ ਫੀਡਬੈਕ ਅਤੇ ਅਨੁਕੂਲਿਤ ਹਦਾਇਤਾਂ ਪ੍ਰਦਾਨ ਕਰਦੇ ਹਨ। ਇਹ ਪਹੁੰਚ ਵਿਦਿਆਰਥੀਆਂ ਨੂੰ ਉਹਨਾਂ ਦੀ ਆਪਣੀ ਰਫਤਾਰ ਨਾਲ ਅੱਗੇ ਵਧਣ ਵਿੱਚ ਮਦਦ ਕਰਦੀ ਹੈ, ਕਿਸੇ ਵੀ ਗਿਆਨ ਦੇ ਅੰਤਰ ਨੂੰ ਹੱਲ ਕਰਨ ਅਤੇ ਲੋੜ ਪੈਣ 'ਤੇ ਚੁਣੌਤੀਆਂ ਪ੍ਰਦਾਨ ਕਰਨ ਵਿੱਚ ਮਦਦ ਕਰਦੀ ਹੈ।
7. ਸੱਭਿਆਚਾਰਕ ਵਿਭਿੰਨਤਾ ਨੂੰ ਸੰਬੋਧਨ ਕਰੋ: ਗਣਿਤ ਦੀ ਸਿੱਖਿਆ ਵਿੱਚ ਵਿਭਿੰਨ ਸੱਭਿਆਚਾਰਕ ਦ੍ਰਿਸ਼ਟੀਕੋਣਾਂ ਨੂੰ ਸਵੀਕਾਰ ਕਰੋ ਅਤੇ ਸ਼ਾਮਲ ਕਰੋ। ਵਿਭਿੰਨ ਪਿਛੋਕੜਾਂ ਅਤੇ ਸਭਿਆਚਾਰਾਂ ਦੇ ਗਣਿਤ ਵਿਗਿਆਨੀਆਂ ਦੇ ਯੋਗਦਾਨ ਨੂੰ ਸ਼ਾਮਲ ਕਰਨ ਵਾਲੇ ਸਿੱਖਣ ਦੇ ਮਾਹੌਲ ਨੂੰ ਉਜਾਗਰ ਕਰੋ।
8. ਅਨੁਸ਼ਾਸਨ ਵਿੱਚ ਕਨੈਕਸ਼ਨ ਬਣਾਓ: ਦਿਖਾਓ ਕਿ ਕਿਵੇਂ ਗਣਿਤ ਦੂਜੇ ਵਿਸ਼ਿਆਂ ਅਤੇ ਖੇਤਰਾਂ ਜਿਵੇਂ ਕਿ ਵਿਗਿਆਨ, ਇੰਜੀਨੀਅਰਿੰਗ, ਵਿੱਤ ਅਤੇ ਕਲਾ ਨਾਲ ਆਪਸ ਵਿੱਚ ਜੁੜਿਆ ਹੋਇਆ ਹੈ। ਅੰਤਰ-ਅਨੁਸ਼ਾਸਨੀ ਪ੍ਰੋਜੈਕਟਾਂ ਨੂੰ ਉਤਸ਼ਾਹਿਤ ਕਰੋ ਜੋ ਇਹਨਾਂ ਖੇਤਰਾਂ ਵਿੱਚ ਗਣਿਤ ਦੇ ਵਿਹਾਰਕ ਉਪਯੋਗਾਂ ਦਾ ਪ੍ਰਦਰਸ਼ਨ ਕਰਦੇ ਹਨ।
9. ਸਮੱਸਿਆ-ਆਧਾਰਿਤ ਸਿਖਲਾਈ ਨੂੰ ਅਪਣਾਓ: ਰੋਟ ਮੈਮੋਰਾਈਜ਼ੇਸ਼ਨ ਤੋਂ ਸਮੱਸਿਆ-ਹੱਲ ਕਰਨ ਅਤੇ ਆਲੋਚਨਾਤਮਕ ਸੋਚ ਵੱਲ ਧਿਆਨ ਦਿਓ। ਵਿਦਿਆਰਥੀਆਂ ਨੂੰ ਓਪਨ-ਐਂਡ ਸਮੱਸਿਆਵਾਂ ਵਾਲੇ ਪੇਸ਼ ਕਰੋ ਜਿਨ੍ਹਾਂ ਲਈ ਰਚਨਾਤਮਕਤਾ, ਵਿਸ਼ਲੇਸ਼ਣ ਅਤੇ ਤਰਕਸ਼ੀਲ ਤਰਕ ਦੀ ਲੋੜ ਹੁੰਦੀ ਹੈ।
10. ਅਧਿਆਪਕਾਂ ਲਈ ਨਿਰੰਤਰ ਪੇਸ਼ੇਵਰ ਵਿਕਾਸ: ਗਣਿਤ ਦੇ ਅਧਿਆਪਕਾਂ ਲਈ ਨਿਰੰਤਰ ਸਿਖਲਾਈ ਅਤੇ ਪੇਸ਼ੇਵਰ ਵਿਕਾਸ ਦੇ ਮੌਕੇ ਪ੍ਰਦਾਨ ਕਰੋ। ਇਹ ਸੁਨਿਸ਼ਚਿਤ ਕਰਦਾ ਹੈ ਕਿ ਉਹ ਆਧੁਨਿਕ ਅਧਿਆਪਨ ਵਿਧੀਆਂ, ਸਿੱਖਿਆ ਸ਼ਾਸਤਰੀ ਪਹੁੰਚਾਂ, ਅਤੇ ਤਕਨਾਲੋਜੀਆਂ ਨਾਲ ਅਪ-ਟੂ-ਡੇਟ ਰਹਿਣ।

21ਵੀਂ ਸਦੀ ਲਈ ਗਣਿਤ ਦੀ ਸਿੱਖਿਆ ਦਾ ਆਧੁਨਿਕੀਕਰਨ ਕਰਨ ਲਈ ਰਵਾਇਤੀ ਅਧਿਆਪਨ ਤਰੀਕਿਆਂ ਤੋਂ ਇੱਕ ਹੋਰ ਵਿਦਿਆਰਥੀ-ਕੇਂਦ੍ਰਿਤ, ਵਿਹਾਰਕ ਅਤੇ ਅੰਤਰ-ਅਨੁਸ਼ਾਸਨੀ ਪਹੁੰਚ ਵਿੱਚ ਤਬਦੀਲੀ ਦੀ ਲੋੜ ਹੈ। ਇਹਨਾਂ ਰਣਨੀਤੀਆਂ ਨੂੰ ਸ਼ਾਮਲ ਕਰਕੇ, ਸਿਖਿਆਰਥੀ 21ਵੀਂ ਸਦੀ ਵਿੱਚ ਸਫਲਤਾ ਲਈ ਲੋੜੀਂਦੇ ਗਣਿਤ ਦੇ ਹੁਨਰ, ਗਿਆਨ ਅਤੇ ਮਾਨਸਿਕਤਾ ਦਾ ਵਿਕਾਸ ਕਰ ਸਕਦੇ ਹਨ।

## ਕੈਲੀਫੋਰਨੀਆ ਦੇ ਫਰੀਮਾਂਟ ਸ਼ਹਿਰ ਦੇ 2 ਸਕੂਲਾਂ ਵਿਚ ਅਗਲੇ ਸੈਸ਼ਨ ਤੋਂ ਪੜਾਈ ਜਾਵੇਗੀ ਹਿੰਦੀ

### ਸਕੂਲ ਬੋਰਡ ਨੇ 4-1 ਵੋਟਾਂ ਨਾਲ ਲਿਆ ਫੈਸਲਾ

ਸੈਕਰਾਮੈਂਟੋ,ਕੈਲੀਫੋਰਨੀਆ (ਹੁਸਨ ਲੜੋਆ ਬੰਗਾ)-ਕੈਲਫੋਰਨੀਆ ਦੇ ਫਰੀਮਾਂਟ ਸ਼ਹਿਰ ਦੇ 2 ਪਬਲਿਕ ਸਕੂਲਾਂ ਵਿਚ ਅਗਲੇ ਸੈਸ਼ਨ 2024-25 ਵਿੱਚ ਹਿੰਦੀ ਨੂੰ ਸਿਲੇਬਸ ਵਿਚ ਸ਼ਾਮਿਲ ਕੀਤਾ ਜਾਵੇਗਾ। ਫਰੀਮਾਂਟ ਯੂਨਾਈਟਿਡ ਸਕੂਲ ਡਿਸਟ੍ਰਿਕਟ ਬੋਰਡ ਦੀ ਹੋਈ ਮੀਟਿੰਗ ਵਿਚ 4-1 ਵੋਟਾਂ ਦੇ ਫਰਕ ਨਾਲ ਹਿੰਦੀ ਸਬੰਧੀ ਪ੍ਰੋਗਰਾਮ ਨੂੰ ਲਾਗੂ ਕਰਨ ਲਈ ਹਰੀ ਝੰਡੀ ਦਿੱਤੀ। ਫਰੀਮਾਂਟ ਯੂਨਾਈਟਿਡ ਸਕੂਲ ਡਿਸਟ੍ਰਿਕਟ ਬੋਰਡ ਵੱਲੋਂ ਜਾਰੀ ਪ੍ਰੈਸ ਬਿਆਨ ਵਿਚ ਕਿਹਾ ਗਿਆ ਹੈ ਕਿ ਫਰੀਮਾਂਟ ਵਿਚ ਭਾਰੀ ਗਿਣਤੀ ਵਿਚ ਭਾਰਤੀ ਅਮਰੀਕੀ ਭਾਈਚਾਰੇ ਦੇ ਲੋਕ ਰਹਿੰਦੇ ਹਨ ਜਿਸ ਨੂੰ ਵੇਖਦੇ ਹੋਏ ਹੌਰਨਰ ਮਿਡਲ ਸਕੂਲ ਤੇ ਇਰਵਿੰਗਟਨ ਹਾਈ ਸਕੂਲ ਵਿਚ ਹਿੰਦੀ ਨੂੰ ਲਾਗੂ ਕੀਤਾ ਜਾਵੇਗਾ। ਇਨਾਂ ਸਕੂਲਾਂ ਵਿਚ ਭਾਰਤੀ ਅਮਰੀਕੀ ਭਾਈਚਾਰੇ ਦੇ ਬੱਚੇ ਬਹੁਗਿਣਤੀ ਵਿਚ ਹਨ। ਬਿਆਨ ਵਿਚ ਕਿਹਾ ਗਿਆ ਹੈ ਕਿ ਮੀਟਿੰਗ ਵਿਚ ਬੋਰਡ ਦੇ ਮੈਂਬਰਾਂ ਜਿਨਾਂ ਵਿਚ ਵਿਵੇਕ ਪ੍ਰਸਾਦ, ਸ਼ਰੋਨ ਕੋਕੋ, ਲੈਰੀ ਸਵੀਨੀ ਤੇ ਪ੍ਰਧਾਨ ਯਾਜਿੰਗ ਝੰਗ ਸ਼ਾਮਿਲ ਹਨ, ਨੇ ਵਿਦਿਆਰਥੀਆਂ ਦੀ ਭਲਾਈ ਲਈ ਹਿੰਦੀ ਪੜਾਉਣ ਦੀ ਤਜਵੀਜ਼ ਦਾ ਜੋਰਦਾਰ ਸਮਰਥਨ ਕੀਤਾ। ਪ੍ਰੈਸ ਬਿਆਨ ਅਨੁਸਾਰ ਬਹੁਤ ਸਾਰੇ ਪ੍ਰਵਾਰਾਂ ਨੇ ਸਕੂਲ ਡਿਸਟ੍ਰਿਕਟ ਨੂੰ ਆਪਸ਼ਨ ਵਿਸ਼ੇ ਵਜੋਂ ਹਿੰਦੀ ਪੜਾਉਣ ਲਈ ਬੇਨਤੀ ਕੀਤੀ ਸੀ ਜਿਸ ਨੂੰ ਪ੍ਰਵਾਨ ਕਰ ਲਿਆ ਗਿਆ ਹੈ। ਵਿਵੇਕ ਪ੍ਰਸਾਦ ਨੇ ਹਿੰਦੀ ਸਬੰਧੀ ਪ੍ਰੋਗਰਾਮ ਦੇ ਸਮਰਥਨ ਵਿਚ ਬੋਲਦਿਆਂ ਕਿਹਾ ਕਿ ਹਿੰਦੀ ਭਾਰਤੀ ਅਮਰੀਕੀ ਭਾਈਚਾਰੇ ਲਈ ਵੱਡੀ ਅਹਿਮੀਅਤ ਰਖਦੀ ਹੈ ਇਸ ਲਈ ਮੇਰੇ ਲਈ ਹਿੰਦੀ ਲਾਗੂ ਕਰਨਾ ਮਾਣ ਵਾਲੀ ਗੱਲ ਹੋਵੇਗੀ। ਸ਼ਰੋਨ ਕੋਕੋ ਨੇ ਕਿਹਾ ਕਿ ਜੇਕਰ ਉਕਤ ਸਕੂਲਾਂ ਵਿਚ ਹਿੰਦੀ ਸਬੰਧੀ ਪ੍ਰੋਗਰਾਮ ਸਫਲ ਰਿਹਾ ਤਾਂ ਹੋਰ ਸਕੂਲਾਂ ਵਿਚ ਵੀ ਹਿੰਦੀ ਲਾਗੂ ਕਰਨ ਦੀਆਂ ਸੰਭਾਵਨਾਵਾਂ ਦਾ ਪਤਾ ਲਾਇਆ ਜਾਵੇਗਾ। ਲੈਰੀ ਸਵੀਨੀ ਨੇ ਤਜਵੀਜ਼ ਦੇ ਸਮਰਥਨ ਵਿਚ ਬੋਲਦਿਆਂ ਕਿਹਾ ਕਿ ਮੈ ਸਾਰੇ ਹਾਈ ਸਕੂਲਾਂ ਤੇ ਸਾਰੇ ਮਿਡਲ ਸਕੂਲਾਂ ਵਿਚ ਇਸ ਪ੍ਰੋਗਰਾਮ ਨੂੰ ਲਾਗੂ ਕਰਨ ਲਈ ਹਾਂ ਪਖੀ ਪਹੁੰਚ ਰਖਦਾ ਹਾਂ। ਯਾਜਿੰਗ ਝੰਗ ਨੇ ਕਿਹਾ ਕਿ ਅਸੀਂ ਵਿਦਿਆਰਥੀਆਂ ਦੀ ਭਲਾਈ ਲਈ ਬੈਠੇ ਹਾਂ ਤੇ ਜੇਕਰ ਹਿੰਦੀ ਪੜਾਉਣ ਦੀ ਵੱਡੀ ਮੰਗ ਹੈ ਤਾਂ ਅਸੀਂ ਇਸ ਲਈ ਤਿਆਰ ਹਾਂ।

## ਅਮਰੀਕਾ ਵਿਚ ਹਸਪਤਾਲ ਨੂੰ ਲਿਜਾਣ ਸਮੇ ਹੱਤਿਆ ਦੇ ਮਾਮਲੇ ਵਿਚ ਸ਼ੱਕੀ ਨਬਾਲਗ ਦੋਸ਼ੀ ਹੋਇਆ ਫਰਾਰ

### ਸੂਹ ਦੇਣ ਵਾਲੇ ਨੂੰ 5000 ਡਾਲਰ ਇਨਾਮ ਦੇਣ ਦਾ ਐਲਾਨ



ਸੈਕਰਾਮੈਂਟ, ਕੈਲੀਫੋਰਨੀਆ (ਹੁਸਨ ਲੜੋਆ ਬੰਗਾ)- ਅਮਰੀਕਾ ਦੇ ਪੈਨਸਿਲਵਾਨੀਆ ਰਾਜ ਵਿਚ 2020 ਵਿਚ ਹੋਈ ਹੱਤਿਆ ਦੇ ਮਾਮਲੇ ਵਿਚ ਨਬਾਲਗ ਸ਼ੱਕੀ ਦੋਸ਼ੀ ਦੇ ਉਸ ਵੇਲੇ ਪੁਲਿਸ ਹਿਰਾਸਤ ਵਿਚੋਂ ਫਰਾਰ ਹੋ ਜਾਣ ਦੀ ਖਬਰ ਹੈ ਜਦੋਂ ਉਸ ਨੂੰ ਇਲਾਜ਼ ਲਈ ਫਿਲਾਡੈਲਫੀਆ ਸ਼ਹਿਰ ਦੇ ਇਕ ਹਸਪਤਾਲ ਵਿਚ ਲਿਜਾਇਆ ਜਾ ਰਿਹਾ ਸੀ। ਪੁਲਿਸ ਨੇ ਕਿਹਾ ਹੈ ਕਿ 17 ਸਾਲਾ ਸ਼ੱਕੀ ਦੋਸ਼ੀ ਸ਼ੇਨ ਪਰਾਈਓਰ ਨੂੰ ਹੱਥ 'ਤੇ ਹੋਏ ਜ਼ਖਮ ਦੇ ਇਲਾਜ਼ ਲਈ ਫਿਲਾਡੈਲਫੀਆ ਜੁਵੇਨਾਈਲ ਜਸਟਿਸ ਸਰਵਿਸਜ ਸੈਂਟਰ ਤੋਂ ਬੱਚਿਆਂ ਦੇ ਹਸਪਤਾਲ ਲਿਜਾਇਆ ਜਾ ਰਿਹਾ ਸੀ ਕਿ ਉਹ ਅਚਾਨਕ ਬਚ ਕੇ ਨਿਕਲ ਜਾਣ ਵਿਚ ਸਫਲ ਹੋ ਗਿਆ। ਰਾਬਰਟ ਕਲਾਰਕ ਡਿਪਟੀ ਯੂ ਐਸ ਮਾਰਸ਼ਲ ਨੇ ਇਕ ਬਿਆਨ ਵਿਚ ਕਿਹਾ ਹੈ ਕਿ ਸ਼ੇਨ ਇਕ ਖਤਰਨਾਕ ਨਿਰਾਸ਼ ਵਿਅਕਤੀ ਹੈ ਉਸ ਨੂੰ ਕਾਬੂ ਕਰਨ ਲਈ ਹਰ ਮੌਜੂਦ ਸਾਧਨ ਦੀ ਵਰਤੋਂ ਕੀਤੀ ਜਾਵੇਗੀ। ਉਸ ਦੀ ਗ੍ਰਿਫਤਾਰੀ ਲਈ ਸੂਹ ਦੇਣ ਵਾਲੇ ਨੂੰ 5000 ਡਾਲਰ ਇਨਾਮ ਦੇਣ ਦਾ ਐਲਾਨ ਕੀਤਾ ਗਿਆ ਹੈ।

## ਦੁਕਾਨਾਂ ਦੇ ਬੋਰਡ ਪੰਜਾਬੀ ਵਿੱਚ ਨਾ ਲਗਵਾਉਣ ’ਤੇ ਹੋਵੇਗਾ ਜੁਰਮਾਨਾ : ਜ਼ਿਲ੍ਹਾ ਭਾਸ਼ਾ ਅਫ਼ਸਰ

ਮੋਗਾ, 29 ਜਨਵਰੀ (ਗਿਆਨ ਸਿੰਘ): ਪੰਜਾਬ ਸਰਕਾਰ ਵੱਲੋਂ ਮਾਤ ਭਾਸ਼ਾ ਪੰਜਾਬੀ ਨੂੰ ਬਣਦਾ ਸਤਿਕਾਰ ਦੇਣ ਲਈ ਮੁੱਖ ਮੰਤਰੀ, ਪੰਜਾਬ ਭਗਵੰਤ ਸਿੰਘ ਮਾਨ ਅਤੇ ਉਚੇਰੀ ਸਿੱਖਿਆ ਅਤੇ ਭਾਸ਼ਾ ਮੰਤਰੀ ਸ੍ਰ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਨਿੱਗਰ ਉਪਰਾਲੇ ਕੀਤੇ ਜਾ ਰਹੇ ਹਨ।

ਇਸ ਸੰਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਅਜੀਤਪਾਲ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਦੁਆਰਾ ਕਿਰਤ ਵਿਭਾਗ ਦੇ ਐਕਟ ਪੰਜਾਬ ਰਾਜ ਦੁਕਾਨਾਂ ਅਤੇ ਵਪਾਰਕ ਸਥਾਪਨਾ (ਪਹਿਲੀ ਤਰਮੀਮ) ਨਿਯਮ 2023 ਹੋਂਦ ਵਿੱਚ ਲਿਆਂਦਾ ਗਿਆ ਹੈ। ਇਹ ਐਕਟ ਪੰਜਾਬ ਰਾਜ ਵਿੱਚ ਸਥਿਤ ਸਮੂਹ ਦੁਕਾਨਾਂ ਅਤੇ ਅਦਾਰਿਆਂ ’ਤੇ ਲਾਗੂ ਹੁੰਦਾ ਹੈ। ਇਸ ਐਕਟ ਅਨੁਸਾਰ ਸੰਬੰਧਤ ਦੁਕਾਨ ਜਾਂ ਅਦਾਰੇ ਦਾ ਨਾਮ ਉਪਰਲੇ ਪਾਸੇ ਪੰਜਾਬੀ ਭਾਸ਼ਾ (ਗੁਰਮੁਖੀ ਲਿੱਪੀ) ਵਿੱਚ ਲਿਖਿਆ ਜਾਣਾ ਯਕੀਨੀ ਬਣਾਉਣਾ ਹੈ ਅਤੇ ਜੇਕਰ ਕਿਸੇ ਹੋਰ ਭਾਸ਼ਾ ਵਿੱਚ ਲਿਖਣਾ ਹੋਵੇ ਤਾਂ ਪੰਜਾਬੀ ਭਾਸ਼ਾ ਤੋਂ ਹੇਠਾਂ ਦੂਸਰੀ ਭਾਸ਼ਾ ਵਿੱਚ ਲਿਖਿਆ ਜਾਵੇ। ਇਸ ਐਕਟ ਦੀ ਪਹਿਲੀ ਵਾਰ ਉਲੰਘਣਾ ਕਰਨ ’ਤੇ 1000 ਰੁਪਏ ਦਾ ਜੁਰਮਾਨਾ ਕੀਤਾ ਜਾਵੇਗਾ ਅਤੇ ਇਸ ਤੋਂ ਬਾਅਦ ਹਰੇਕ ਉਲੰਘਣਾ ਲਈ ਦੋ ਹਜ਼ਾਰ ਰੁਪਏ ਦਾ ਜੁਰਮਾਨਾ ਕੀਤਾ ਜਾਵੇਗਾ।

ਜ਼ਿਲ੍ਹਾ ਭਾਸ਼ਾ ਅਫ਼ਸਰ ਵੱਲੋਂ ਕਮਿਸ਼ਨਰ ਨਗਰ ਨਿਗਮ ਮੋਗਾ, ਸਕੱਤਰ ਮਾਰਕਿਟ ਕਮੇਟੀਆਂ, ਸਮੂਹ ਕਾਰਜ ਸਾਧਕ ਅਫ਼ਸਰਾਂ ਨਗਰ ਕੌਂਸਲਾਂ/ਨਗਰ ਪੰਚਾਇਤਾਂ, ਬੈਂਕ ਦੇ ਮੈਨੇਜਰਾਂ, ਵਪਾਰ ਮੰਡਲ ਦੇ ਪ੍ਰਧਾਨਾਂ ਨੂੰ ਅਪੀਲ ਕੀਤੀ ਕਿ ਉਹ ਜਲਦੀ ਤੋਂ ਜਲਦੀ ਸਰਕਾਰ ਦੀਆਂ ਹਦਾਇਤਾਂ ਦੀ ਪਾਲਣਾ ਕਰਨੀ ਯਕੀਨੀ ਬਣਾਉਣ ਅਤੇ ਮਾਤ ਭਾਸ਼ਾ ਦਾ ਬਣਦਾ ਸਤਿਕਾਰ ਕਾਇਮ ਰੱਖਣ ਵਿੱਚ ਮੋਹਰੀ ਭੂਮਿਕਾ ਨਿਭਾਉਣ।

ਇਸ ਸੰਬੰਧੀ ਡਾਇਰੈਕਟਰ ਭਾਸ਼ਾ ਵਿਭਾਗ, ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੰਬੰਧਤਾਂ ਨੂੰ ਪੱਤਰ ਜਾਰੀ ਕਰਕੇ ਪੰਜਾਬ ਸਰਕਾਰ ਦੀਆਂ ਹਦਾਇਤਾਂ ਸੰਬੰਧੀ ਵਿਸਥਾਰ ਸਹਿਤ ਜਾਣੂ ਕਰਵਾ ਦਿੱਤਾ ਗਿਆ ਹੈ।









# ਧੀਆਂ ਦੀ ਲੋਹੜੀ' ਮਨਾਉਣਾ ਸਮੇਂ ਦੀ ਲੋੜ : ਡਾ. ਬਲਜੀਤ ਕੌਰ

## ਜ਼ਿਲ੍ਹਾ ਪ੍ਰਸ਼ਾਸ਼ਨ ਵਲੋਂ ਪਿੰਡ ਬੁਰਜ ਹਰੀ ਸਿੰਘ ਵਿਖੇ ਆਯੋਜਿਤ ਸਮਾਗਮ ਮੌਕੇ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ

ਲੁਧਿਆਣਾ, 29 ਜਨਵਰੀ (ਗਿਆਨ ਸਿੰਘ): ਨਵਜੰਮੀਆ ਬੱਚੀਆ ਨੂੰ ਸਮਾਜ਼ ਵਿੱਚ ਸਮਾਨਤਾ ਦਾ ਅਧਿਕਾਰ ਦਿਵਾਉਣ ਅਤੇ ਸੂਬੇ ਦੇ ਲਿੰਗ ਅਨੁਪਾਤ ਵਿੱਚ ਹੋਰ ਸੁਧਾਰ ਲਿਆਉਣ ਲਈ ਧੀਆਂ ਦੀ ਲੋਹੜੀ ਮਨਾਉਣਾ ਸਮੇਂ ਦੀ ਲੋੜ ਹੈ।

ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਵਲੋਂ, ਸਿਹਤ, ਸਿੱਖਿਆ ਅਤੇ ਪੇਂਡੂ ਵਿਕਾਸ ਵਿਭਾਗ ਵਲੋਂ ਸਾਂਝੇ ਤੌਰ 'ਤੇ ਮਨਾਏ 'ਧੀਆਂ ਦੀ ਲੋਹੜੀ' ਸਮਾਗਮ ਮੌਕੇ ਕੀਤਾ। ਇਹ ਸਮਾਗਮ ਸਥਾਨਕ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ, ਬੁਰਜ ਹਰੀ ਸਿੰਘ, ਬਲਾਕ ਰਾਏਕੋਟ ਵਿਖੇ ਮਨਾਇਆ ਗਿਆ ਜਿੱਥੇ ਨਵਜੰਮੀਆਂ ਬੱਚੀਆਂ ਤੇ ਮਾਪੇ ਵੀ ਸਮਾਰੋਹ ਵਿੱਚ ਸ਼ਾਮਲ ਹੋਏ।

ਇਸ ਮੌਕੇ ਉਨ੍ਹਾਂ ਦੇ ਨਾਲ ਵਿਧਾਨ ਸਭਾ ਹਲਕਾ ਰਾਏਕੋਟ ਤੋਂ ਵਿਧਾਇਕ ਸ੍ਰੀ ਹਾਕਮ ਸਿੰਘ ਠੇਕੇਦਾਰ, ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸ. ਅਨਮੋਲ ਸਿੰਘ ਧਾਲੀਵਾਲ, ਐਸ.ਡੀ.ਐਮ. ਰਾਏਕੋਟ ਸ. ਸੁਖਰਾਜ ਸਿੰਘ, ਐਸ.ਡੀ.ਐਮ. ਜਗਰਾਉਂ ਸ. ਗੁਰਬੀਰ ਸਿੰਘ ਕੋਹਲੀ, ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਸ੍ਰੀਮਤੀ ਡਿੰਪਲ ਮਦਾਨ, ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਵਰਿੰਦਰ ਸਿੰਘ ਟਿਵਾਣਾ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਅਨੁਪ੍ਰਿਆ ਵੀ ਮੌਜੂਦ ਸਨ।

ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਸੂਬੇ ਵਿੱਖ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗੁਵਾਈ ਵਾਲੀ ਪੰਜਾਬ ਸਰਕਾਰ ਧੀਆਂ ਦੇ ਸਤਿਕਾਰ ਅਤੇ ਨਾਰੀ ਸਸ਼ਕਤੀਕਰਨ ਤਹਿਤ ਅਨੇਕਾਂ ਪਹਿਲਕਦਮੀਆਂ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੁਰਾਣੇ ਰੀਤੀ ਰਿਵਾਜਾਂ ਦੇ ਖਿਲਾਫ ਚੱਲਣਾ ਬੇਸ਼ੱਕ ਮੁਸ਼ਕਿਲ ਹੈ ਪਰ ਪੰਜਾਬ ਸਰਕਾਰ ਵਲੋਂ ਲਿੰਗ ਅਨੁਪਾਤ ਵਿੱਚ ਹੋਰ ਸੁਧਾਰ ਲਿਆਉਣ ਦੇ ਮੰਤਵ ਨਾਲ ਧੀਆਂ ਨੂੰ ਵੱਧ ਤੋਂ ਵੱਧ ਸਰਕਾਰੀ ਨੌਕਰੀਆਂ ਅਤੇ ਹੋਰ ਉੱਚੇ ਅਹੁੱਦਿਆਂ 'ਤੇ ਬਿਰਾਜਮਾਨ ਕੀਤਾ ਜਾ ਰਿਹਾ ਹੈ। ਉਨ੍ਹਾਂ ਮਾਈ ਭਾਗੋ ਵਲੋਂ ਨਿਭਾਇਆ ਅਹਿਮ ਯੋਗਦਾਨ ਅਤੇ ਮਾਤਾ ਗੁੱਜਰੀ ਦੀ ਕੁਰਬਾਨੀ ਨੂੰ ਵੀ ਯਾਦ ਕੀਤਾ।





ਉਨ੍ਹਾਂ ਕਿਹਾ ਕਿ ਪੰਜਾਬ ਸੂਬਾ ਸਾਡੇ ਸ਼ਹੀਦਾਂ ਅਤੇ ਆਜ਼ਾਦੀ ਘੁਲਾਟੀਆਂ ਦੀਆਂ ਲਾਸਾਨੀ ਕੁਰਬਾਨੀਆਂ ਨੇ ਹਮੇਸ਼ਾ ਯਾਦ ਰੱਖਦਾ ਹੈ ਜਿਸਦੇ ਤਹਿਤ ਅੱਜ ਉਨ੍ਹਾਂ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ, ਬੁਰਜ ਹਰੀ ਸਿੰਘ ਦਾ ਨਾਮ ਸ਼ਹੀਦ ਨਾਇਕ ਬੂਟਾ ਸਿੰਘ ਦੇ ਨਾਂ 'ਤੇ ਰੱਖਿਆ ਹੈ। ਇਸ ਮੌਕੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਵੱਲੋਂ ਸ਼ਹੀਦ ਨਾਇਕ ਬੂਟਾ ਸਿੰਘ ਦੀ ਪਤਨੀ ਹਰਪ੍ਰੀਤ ਕੌਰ ਅਤੇ ਸਿਨੀਅਰ ਸਿਟੀਜਨਾਂ ਦੀ ਵੀ ਵਿਸ਼ੇਸ਼ ਸਨਮਾਨ ਕੀਤਾ ਗਿਆ।

ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਬਿਰਧ ਆਸ਼ਰਮਾਂ ਦੀ ਵੱਧ ਰਹੀ ਮੰਗ ਦੇ ਮੱਦੇਨਜ਼ਰ, ਪੰਜਾਬ ਸਰਕਾਰ ਬਜੁਰਗਾਂ ਦੀ ਦੀ ਸਿਹਤ, ਸੁਰੱਖਿਆ ਅਤੇ ਉਨ੍ਹਾ ਦੇ ਅਹਿਸਾਸ ਲਈ ਵਿਸ਼ੇਸ਼ ਉਪਰਾਲੇ ਕਰ ਰਹੀ ਹੈ ਜਿਸਦੇ ਤਹਿਤ ਅੱਜ ਉਨ੍ਹਾਂ ਵਿਸ਼ੇਸ਼ ਸਿਹਤ ਜਾਂਚ ਕੈਂਪ ਲਗਾਇਆ ਜਿਸ ਵਿੱਚ ਬਜ਼ੁਰਗਾਂ ਨੂੰ ਮੁਫ਼ਤ ਦਵਾਈਆਂ ਅਤੇ ਐਨਕਾਂ ਵੀ ਮੁਹੱਈਆਂ ਕਰਵਾਈਆਂ ਗਈਆਂ। ਇਸ ਤੋਂ ਇਲਾਵਾ ਬਜੁਰਗਾਂ ਦੇ ਪੈਨਸ਼ਨ ਫਾਰਮ ਭਰੇ ਗਏ ਅਤੇ ਸੀਨੀਅਰ ਸਿਟਿਜਨ ਕਾਰਡ ਵੀ ਬਣਾਏ ਗਏ। ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਵਲੋਂ ਵਿੱਢੀ ਮੁਹਿਮ 'ਸਾਡੇ ਬਜੁਰਗ, ਸਾਡਾ ਮਾਣ' ਪਹਿਲਾਂ ਜ਼ਿਲ੍ਹਾ ਪੱਧਰ 'ਤੇ ਚਲਾਈ ਗਈ ਸੀ ਜਿਸ ਨੂੰ ਬਜੁਰਗਾਂ ਦੀ ਭਲਾਈ ਲਈ ਹੁਣ ਪਿੰਡ-ਪਿੰਡ ਪਹੁੰਚਾਇਆ ਜਾਵੇਗਾ। ਉਨ੍ਹਾ ਕਿਹਾ ਕਿ ਆਉਣ ਵਾਲੇ ਸਮੇਂ ਅਜਿਹੇ ਹੋਰ ਕੈਂਪਾਂ ਤੋਂ ਇਲਾਵਾ ਦਿਵਿਆਂਜਨਾਂ ਲਈ ਵੀ ਵਿਸ਼ੇਸ਼ ਕੈਂਪਾਂ ਦਾ ਆਯੋਜਨ ਕੀਤਾ ਜਾਵੇਗਾ।

ਉਨ੍ਹਾ ਕਿਹਾ ਕਿ ਅਜੋਕੇ ਸਮੇਂ ਵਿੱਚ ਇੱਕਲੇ ਪਰਿਵਾਰ ਨੂੰ ਤਰਜੀਹ ਦਿੱਤੀ ਜਾ ਰਹੀ ਹੈ ਜਾਂ ਨੌਕਰੀ ਦੀ ਬੇਬਸੀ ਕਰਕੇ ਬੱਚੇ ਦਾਦਕੇ ਪਰਿਵਾਰ ਤੋਂ ਦੂਰ ਰਹਿ ਰਹੇ ਹਨ, ਪਰ ਬੱਚਿਆਂ ਨੂੰ ਸਹੀ ਦਿਸ਼ਾ ਦੇਣ ਲਈ ਬਜੁਰਗਾਂ ਦਾ ਤਜ਼ਰਬਾ ਬੇਹੱਦ ਲਾਭਕਾਰੀ ਹੈ।

ਉਨ੍ਹਾਂ ਇਲਾਕੇ ਦੇ ਵਸਨੀਕਾਂ ਵਲੋਂ ਦੱਸੀਆਂ ਮੁਸ਼ਕਿਲਾਂ ਦੇ ਜਲਦ ਨਿਪਟਾਰੇ ਦਾ ਭਰੋਸਾ ਦਿੰਦਿਆਂ ਕਿਹਾ ਕਿ ਪਿੰਡ ਦੇ ਛੱਪਣ ਦੀ ਨਿਕਾਸੀ ਦਾ ਮਾਮਲਾ ਮੁੱਖ ਮੰਤਰੀ ਪੰਜਾਬ ਦੇ ਧਿਆਨ ਵਿੱਚ ਲਿਆਂਦਾ ਜਾਵੇਗਾ, ਸਕੂਲੀ ਬੱਸ ਮਾਮਲੇ 'ਤੇ ਜਲਦ ਕਾਰਵਾਈ ਕੀਤੀ ਜਾਵੇਗੀ। ਇਸ ਤੋਂ ਇਲਾਵਾ ਪਿੰਡ ਵਿੱਚ ਦਿੱਤੀ ਗਈ 10 ਲੱਖ ਰੁਪਏ ਦੀ ਗ੍ਰਾਂਟ ਵਿੱਚੋਂ ਬਚੇ ਹੋਏ 5 ਲੱਖ ਰੁਪਏ ਨੂੰ ਵੀ ਲੋੜੀਦੇ ਕਾਰਜ਼ਾਂ ਲਈ ਵਰਤਣ ਦੇ ਨਿਰਦੇਸ਼ ਜਾਰੀ ਕੀਤੇ।

ਵਿਧਾਇਕ ਸ੍ਰੀ ਹਾਕਮ ਸਿੰਘ ਠੇਕੇਦਾਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੰਜਾਬ ਸਰਕਾਰ ਵਲੋਂ ਆਪਣਾ ਕਾਰਜਭਾਰ ਸੰਭਾਲਣ ਤੋਂ ਹੁਣ ਤੱਕ ਸ਼ਹੀਦਾਂ ਦਾ ਸਨਮਾਨ ਕਰਦੀ ਆ ਰਹੀ ਹੈ। ਉਨ੍ਹਾਂ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਵਲੋਂ ਸਰਕਾਰੀ ਸਕੂਲ ਦਾ ਨਾਮ ਸ਼ਹੀਦ ਨਾਇਕ ਬੂਟਾ ਸਿੰਘ ਦੇ ਨਾਂ 'ਤੇ ਰੱਖਣ ਲਈ ਵੀ ਵਿਸ਼ੇਸ਼ ਧੰਨਵਾਦ ਕੀਤਾ।

ਇਸ ਮੌਕੇ ਭਰੂਣ ਹੱਤਿਆ ਦੀ ਰੋਕਥਾਮ ਸਬੰਧੀ ਲੋਕਾਂ ਨੂੰ ਜਾਗਰੂਕ ਕਰਨ ਦੇ ਮੰਤਵ ਨਾਲ, ਆਂਗਣਵਾੜੀ ਵਰਕਰਾਂ ਅਤੇ ਡਾ. ਦੁਆਰਕਾ ਨਾਥ ਸਕੂਲ ਦੀਆਂ ਵਿਦਿਆਰਥਣਾਂ ਨੇ ਬੋਲੀਆਂ ਤੇ ਗਿੱਧਾ ਪਾਇਆ।



# ਫਰੀਦਕੋਟ ਕੇਂਦਰੀ ਜੇਲ੍ਹ ਵਿਚ ਮੋਬਾਈਲ ਫੋਨ ਬਰਾਮਦਗੀ ਮਾਮਲੇ ਵਿਚ 6 ਕੈਦੀਆਂ ਖ਼ਿਲਾਫ਼ ਮਾਮਲਾ ਦਰਜ

ਚੰਡੀਗੜ੍ਹ, 29 ਜਨਵਰੀ (ਪੋਸਟ ਬਿਊਰੋ): ਫਰੀਦਕੋਟ ਕੇਂਦਰੀ ਜੇਲ੍ਹਵਿੱਚ ਕੁੱਲ 17 ਮੋਬਾਈਲ ਫੋਨ ਬਰਾਮਦ ਹੋਣ ਤੋਂ ਬਾਅਦ ਜੇਲ੍ਹ ਪ੍ਰਸ਼ਾਸਨ ਨੇ ਤਿੰਨ ਵੱਖ-ਵੱਖ ਸ਼ਿਕਾਇਤ ਪੱਤਰ ਸਿਟੀ ਪੁਲਿਸ ਸਟੇਸ਼ਨ ਨੂੰ ਦੇ ਕੇ ਮੁਲਜ਼ਮਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ ਹੈ। ਹਾਲਾਂਕਿ ਪਿਛਲੇ ਮਹੀਨੇ ਜੇਲ੍ਹ ਵਿੱਚ ਬੰਦ ਇੱਕ ਖ਼ਤਰਨਾਕ ਕੈਦੀਆਂ ਨੇ ਜੇਲ੍ਹ ਅੰਦਰੋਂ ਇੱਕ ਵੀਡੀਓ ਅਪਲੋਡ ਕਰਕੇ ਜੇਲ੍ਹ ਪ੍ਰਸ਼ਾਸਨ ਦੀ ਸੁਰੱਖਿਆ ਦੀ ਪੋਲ ਖੋਲ੍ਹ ਦਿੱਤੀ ਸੀ।

ਜਿਸ ਤੋਂ ਬਾਅਦ ਜੇਲ੍ਹ ਅਤੇ ਪੁਲਿਸ ਪ੍ਰਸ਼ਾਸਨ ਵਲੋਂ ਜੇਲ੍ਹ ਦੇ ਅੰਦਰ ਵੱਡੇ ਪੱਧਰ 'ਤੇ ਤਲਾਸ਼ੀ ਮੁਹਿੰਮ ਚਲਾਈ ਗਈ, ਉਕਤ ਸਰਚ ਆਪਰੇਸ਼ਨ ਤੋਂ ਬਾਅਦ ਇੰਨੇ ਮੋਬਾਇਲ ਫੋਨ ਬਰਾਮਦ ਹੋਣ ਨਾਲ ਜੇਲ੍ਹ ਪ੍ਰਸ਼ਾਸਨ ਦੀ ਕਾਰਜਪ੍ਰਣਾਲੀ 'ਤੇ ਇਕ ਵਾਰ ਫਿਰ ਸਵਾਲੀਆ ਨਿਸ਼ਾਨ ਲੱਗ ਰਿਹਾ ਹੈ।

ਪੁਲਿਸ ਨੂੰ ਦਿੱਤੀ ਸ਼ਿਕਾਇਤ ਅਨੁਸਾਰ ਪਹਿਲੇ ਮਾਮਲੇ ਸਬੰਧੀ ਸਹਾਇਕ ਜੇਲ੍ਹ ਸੁਪਰਡੈਂਟ ਕਮਲਜੀਤ ਸਿੰਘ ਨੇ ਦੱਸਿਆ ਕਿ ਜੇਲ੍ਹ ਗਾਰਡ ਦੇ ਨਾਲ ਜੇਲ੍ਹ ਅੰਦਰ ਕੀਤੀ ਗਈ ਚੈਕਿੰਗ ਦੌਰਾਨ ਹਵਾਲਾਤੀ ਲਵਪ੍ਰੀਤ ਸਿੰਘ, ਬੰਦੀ ਜਤਿੰਦਰ ਸਿੰਘ, ਬੰਦੀ ਪ੍ਰਗਟ ਸਿੰਘ, ਨਜ਼ਰਬੰਦ ਕੁਲਵੰਤ ਸਿੰਘ, ਏ. ਹਿਰਾ-ਸਤ ਵਿੱਚ ਲਏ ਗਏ ਗੁਰਪ੍ਰੀਤ ਸਿੰਘ ਤੋਂ ਇੱਕ-ਇੱਕ ਮੋਬਾਈਲ ਫ਼ੋਨ ਅਤੇ ਤਿੰਨ ਮੋਬਾਈਲ ਫ਼ੋਨ ਲਾਵਾਰਸ ਹਾਲਤ ਵਿੱਚ ਅਰਥਾਤ ਕੁੱਲ 8 ਮੋਬਾਈਲ ਫ਼ੋਨ 16 ਤੋਂ 27 ਜਨਵਰੀ ਦਰਮਿਆਨ ਬਰਾਮਦ ਕੀਤੇ ਗਏ।

ਦੂਜੇ ਮਾਮਲੇ 'ਚ ਜੇਲ੍ਹ ਦੇ ਸਹਾਇਕ ਜੇਲ੍ਹ ਸੁਪਰਡੈਂਟ ਜਸਪ੍ਰੀਤ ਸਿੰਘ ਨੇ ਦੱਸਿਆ ਕਿ ਜੇਲ੍ਹ ਗਾਰਡ ਦੇ ਨਾਲ ਜੇਲ੍ਹ ਅੰਦਰ ਕੀਤੀ ਗਈ ਚੈਕਿੰਗ ਦੌਰਾਨ ਗ੍ਰਿਫਤਾਰ ਕੀਤੇ ਗਏ ਮਨਜੀਤ ਸਿੰਘ ਪੁੱਤਰ ਦਇਆ ਸਿੰਘ ਅਤੇ ਕੈਦੀ ਪ੍ਰੇਮ ਸਿੰਘ ਪੁੱਤਰ ਗੁਰਮੇਲ ਸਿੰਘ ਤੋਂ ਇਕ-ਇਕ ਮੋਬਾਇਲ ਫੋਨ ਬਰਾਮਦ ਹੋਇਆ, ਜਦਕਿ ਤਿੰਨ ਲਾਵਾਰਸ ਹਾਲਤ ਵਿੱਚ ਮਿਲੇ, ਇਸਦੇ ਨਾਲ ਹੀ 22 ਤੋਂ 23 ਜਨਵਰੀ ਦਰਮਿਆਨ ਕੁੱਲ 5 ਮੋਬਾਈਲ ਫੋਨ ਬਰਾਮਦ ਕੀਤੇ ਗਏ।

ਇਸੇ ਤਰ੍ਹਾਂ ਤੀਜੇ ਮਾਮਲੇ ਵਿੱਚ ਸਹਾਇਕ ਜੇਲ੍ਹ ਸੁਪਰਡੈਂਟ ਜਸਕਿੰਦਰ ਸਿੰਘ ਨੇ ਦੱਸਿਆ ਕਿ ਜੇਲ੍ਹ ਗਾਰਡ ਦੇ ਨਾਲ ਜੇਲ੍ਹ ਅੰਦਰ ਕੀਤੀ ਗਈ ਚੈਕਿੰਗ ਦੌਰਾਨ 5 ਤੋਂ 26 ਜਨਵਰੀ ਦਰਮਿਆਨ ਬੈਰਕ ਦੀਆਂ ਦੋ ਸਕਾਈ ਲਾਈਟਾਂ ਅੰਦਰ ਲੁਕੋ ਕੇ ਰੱਖੇ ਕੁੱਲ 4 ਮੋਬਾਈਲ ਫ਼ੋਨ ਬਰਾਮਦ ਕੀਤੇ ਗਏ ਹਨ।

ਫ਼ਰੀਦਕੋਟ ਸਿਟੀ ਥਾਣੇ ਦੇ ਏਐਸਆਈ ਨਿਸ਼ਾਨ ਸਿੰਘ ਨੇ ਦੱਸਿਆ ਕਿ ਜੇਲ੍ਹ ਪ੍ਰਸ਼ਾਸਨ ਦੀ ਸ਼ਿਕਾਇਤ ਦੇ ਆਧਾਰ 'ਤੇ ਸੱਤ ਕੈਦੀਆਂ ਅਤੇ ਹਵਾਲਾਤੀਆਂ ਨੂੰ ਨਾਮਜ਼ਦ ਕੀਤਾ ਗਿਆ ਹੈ ਜਦੋਂਕਿ ਹੋਰ ਅਣਪਛਾਤੇ ਮੁਲਜ਼ਮਾਂ ਖ਼ਿਲਾਫ਼ ਆਈਪੀਸੀ ਅਤੇ ਜੇਲ੍ਹ ਐਕਟ ਦੀਆਂ ਧਾਰਾਵਾਂ ਤਹਿਤ ਕੇਸ ਦਰਜ ਕਰ ਲਿਆ ਗਿਆ ਹੈ।








